Fair Advice Financial | Care Wealth Management Inc.
RDSP (Registered Disability Savings Plan)
Disabled person who is eligible for Disability Tax Credit.
And who is 49 years old or younger.
By contributing in an RDSP Plan he/she may be eligible to receive up to$90,000 in government bonds & grants.
Contact : 647-951-7900
SUKHWINDER NAHAL CFP, CLU Financial Planner
www.fairadvicefinancial.com
7900 Hurontario St., Suite 308, Brampton, ON, L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 21* Issue 208 | Tuesday, November 01, 2022 | Tel: 905-793-2202 | Fax: 905-793-2282 | news@punjabipost.ca | *ਤੁਸੀਂ 'ਪੰਜਾਬੀ ਪੋਸਟ' **Online** ਰੋਜ਼ਾਨਾ ਪੜ੍ਹ ਸਕਦੇ ਹੋ*

## ਤੇਜ਼ ਰਫਤਾਰ ਐਸਯੂਵੀ ਪਿੱਕਅੱਪ ਟਰੱਕ ਨਾਲ ਟਕਰਾਈ, ਦੋ ਜ਼ਖ਼ਮੀ



ਟੋਰਾਂਟੋ, 31 ਅਕਤੂਬਰ (ਪੋਸਟ ਬਿਊਰੋ) : ਮਿੱਡਟਾਊਨ ਟੋਰਾਂਟੋ ਵਿੱਚ ਇੱਕ ਤੇਜ਼ ਰਫਤਾਰ ਐਸਯੂਵੀ ਦੇ ਇੱਕ ਹੋਰ ਗੱਡੀ ਦੇ ਪਿੱਛਿਓਂ ਟਕਰਾ ਜਾਣ ਕਾਰਨ ਇੱਕ ਡਰਾਈਵਰ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।

ਇਹ ਹਾਦਸਾ ਸੋਮਵਾਰ ਨੂੰ ਰਾਤੀਂ 12:45 ਦੇ ਨੇੜੇ ਤੇੜੇ ਲਾਅਰੈਂਸ ਐਵਨਿਊ ਦੇ ਦੱਖਣ ਵੱਲ ਗਲੈਨਗ੍ਰੋਵ ਐਵਨਿਊ ਨੇੜੇ ਯੰਗ ਸਟਰੀਟ ਉੱਤੇ ਵਾਪਰਿਆ। ਪੁਲਿਸ ਨੇ ਦੱਸਿਆ ਕਿ ਐਸਯੂਵੀ ਯੰਗ ਸਟਰੀਟ ਉੱਤੇ ਦੱਖਣ ਵੱਲ ਬੜੀ ਤੇਜ਼ ਰਫਤਾਰ ਨਾਲ ਜਾ ਰਹੀ ਸੀ ਤੇ ਇੱਕ ਪਿੱਕਅੱਪ ਟਰੱਕ ਦੇ ਪਿਛਲੇ ਹਿੱਸੇ ਨਾਲ ਜਾ ਟਕਰਾਈ। ਐਸਯੂਵੀ ਦੇ ਡਰਾਈਵਰ ਨੂੰ ਨਾਜ਼ੁਕ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਇੱਕ ਹੋਰ ਵਿਅਕਤੀ ਨੂੰ ਵੀ ਗੰਭੀਰ ਪਰ ਸਥਿਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ।

ਪੁਲਿਸ ਵੱਲੋਂ ਇਹ ਪੁਸ਼ਟੀ ਕੀਤੀ ਗਈ ਹੈ ਕਿ ਤੇਜ਼ ਰਫਤਾਰ ਹੀ ਇਸ ਹਾਦਸੇ ਦਾ ਕਾਰਨ ਹੈ ਤੇ ਉਨ੍ਹਾਂ ਆਖਿਆ ਕਿ ਉਹ ਇਸ ਗੱਲ ਦਾ ਵੀ ਪਤਾ ਲਾਉਣ ਦੀ ਕੋਸ਼ਿਸ਼ ਕਰ ਰਹੇ ਹਨ ਕਿ ਸ਼ਰਾਬ ਪੀ ਕੇ ਗੱਡੀ ਚਲਾਉਣਾ ਇਸ ਹਾਦਸੇ ਦਾ ਕਾਰਨ ਹੋ ਸਕਦਾ ਹੈ ਜਾਂ ਨਹੀਂ। ਜਾਂਚ ਲਈ ਯੰਗ ਸਟਰੀਟ ਨੂੰ ਗਲੈਨਗ੍ਰੋਵ ਉੱਤੇ ਦੋਵਾਂ ਦਿਸ਼ਾਵਾਂ ਤੋਂ ਬੰਦ ਕਰ ਦਿੱਤਾ ਗਿਆ ਹੈ।

## ਜੀਟੀਏਏ ਨੇ ਛੇ ਆਰਗੇਨਾਈਜ਼ੇਸ਼ਨਜ਼ ਨੂੰ ਜਾਰੀ ਕੀਤੇ 387,000 ਡਾਲਰ ਫੰਡ



ਟੋਰਾਂਟੋ, 31 ਅਕਤੂਬਰ (ਪੋਸਟ ਬਿਊਰੋ) : ਟੋਰਾਂਟੋ ਪੀਅਰਸਨ ਇੰਟਰਨੈਸ਼ਨਲ ਏਅਰਪੋਰਟ ਦੇ ਆਲੇ ਦੁਆਲੇ ਵਾਲੀਆਂ ਕਮਿਊਨਿਟੀਜ਼ ਵਿੱਚ ਬੇਰੋਜ਼ਗਾਰੀ ਨਾਲ ਸਿੱਝਣ ਵਿੱਚ ਮਦਦ ਕਰਨ ਲਈ ਗ੍ਰੇਟਰ ਟੋਰਾਂਟੋ ਏਅਰਪੋਰਟਸ ਅਥਾਰਟੀ (ਜੀਟੀਏਏ) ਵੱਲੋਂ ਛੇ ਆਰਗੇਨਾਈਜ਼ੇਸ਼ਨਜ਼ ਨੂੰ 387,000 ਡਾਲਰ ਫੰਡ ਵਜੋਂ ਦਿੱਤੇ ਗਏ ਹਨ। ਇਹ 2022 ਦੇ ਅਪਲਿਫਟ ਫੰਡ ਦਾ ਹਿੱਸਾ ਹੈ।

ਇਨ੍ਹਾਂ ਫੰਡਾਂ ਨਾਲ ਯੂਕਰੇਨ ਤੋਂ ਆਉਣ ਵਾਲੇ ਲੋਕਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਵਿੱਚ ਮਦਦ ਮਿਲੇਗੀ ਤੇ ਏਵੀਏਸ਼ਨ ਦੇ ਖੇਤਰ ਵਿੱਚ ਨੌਕਰੀਆਂ ਦਾ ਰਾਹ ਖੁੱਲ੍ਹੇਗਾ ਤੇ ਆਰਟਸ ਵਿੱਚ ਕਰੀਅਰਜ਼ ਦੇ ਨਵੇਂ ਮੌਕੇ ਵੀ ਪੈਦਾ ਹੋਣਗੇ। ਜਿਨ੍ਹਾਂ ਛੇ ਆਰਗੇਨਾਈਜ਼ੇਸ਼ਨ ਦੀ ਇਸ ਮਕਸਦ ਲਈ ਚੋਣ ਕੀਤੀ ਗਈ ਹੈ ਉਨ੍ਹਾਂ ਦੇ ਨਾਂ ਹਨ ਅਰਬਨ ਪਾਇਲਟਸ ਨੈੱਟਵਰਕ, ਐਕਸੈੱਸ ਇੰਪਲੌਇਮੈਂਟ, ਬ੍ਰੈਂਡਸ ਫੌਰ ਕੈਨੇਡਾ, ਬਲੂ ਡੋਰ ਸਪੋਰਟ, ਜੇਯੂ ਤੇ ਸ਼ੇਕਸਪੀਅਰ ਇਨ ਐਕਸ਼ਨ।

ਇਨ੍ਹਾਂ ਆਰਗੇਨਾਈਜ਼ੇਸ਼ਨਜ਼ ਵਿੱਚੋਂ ...ਬਾਕੀ ਸਫਾ 2 'ਤੇ

## ਰਿਸ਼ੀ ਸੁਨਕ ਦੀ ਵਿਵਾਦਿਤ ਚੋਣ 'ਤੇ ਬੋਲੀ ਬ੍ਰਿਟੇਨ ਦੀ ਸੰਸਦ ਮੈਂਬਰ "ਫੈਸਲੇ ਵਿਚ ਭਾਰੀ ਗਲਤੀ"



ਲੰਡਨ, 31 ਅਕਤੂਬਰ (ਪੋਸਟ ਬਿਊਰੋ)- ਬ੍ਰਿਟੇਨ ਦੇ ਪ੍ਰਧਾਨ ਮੰਤਰੀ ਰਿਸ਼ੀ ਸੁਨਕ ਨੂੰ ਸੁਰੱਖਿਆ ਉਲੰਘਣਾਵਾਂ ਕਾਰਨ ਅਸਤੀਫਾ ਦੇਣ ਵਾਲੀ ਗ੍ਰਹਿ ਮੰਤਰੀ ਸੁਏਲਾ ਬ੍ਰੇਵਰਮੈਨ ਨੂੰ ਮੁੜ ਨਿਯੁਕਤ ਕਰਨ ਲਈ ਦਬਾਅ ਦਾ ਸਾਹਮਣਾ ਕਰਨਾ ਪਿਆ। ਸੁਨਕ ਦੇ ਪ੍ਰਧਾਨ ਮੰਤਰੀ ਬਣਨ ਤੋਂ ਬਾਅਦ, ਬ੍ਰੇਵਰਮੈਨ ਨੂੰ ਮੁੜ ਗ੍ਰਹਿ ਸਕੱਤਰ ਬਣਾਇਆ ਗਿਆ। ਸੁਏਲਾ ਨੇ ਪਿਛਲੀ ਲਿਜ਼ ਟਰਸ ਦੀ ਥੋੜ੍ਹੇ ਸਮੇਂ ਲਈ ਸਰਕਾਰ ਛੱਡ ਦਿੱਤੀ ਸੀ।

ਵਿਰੋਧੀ ਧਿਰ ਦੇ ਸੰਸਦ ਮੈਂਬਰ ਯਵੇਟ ਕੂਪਰ ਨੇ ਐਤਵਾਰ ਨੂੰ ਬ੍ਰੇਵਰਮੈਨ ਦੀ ਮੁੜ ਨਿਯੁਕਤੀ ਨੂੰ ਸੁਨਕ ਦੁਆਰਾ ਗੈਰ-ਜ਼ਿੰਮੇਵਾਰਾਨਾ ਕਦਮ ਦੱਸਿਆ। ਉਨ੍ਹਾਂ ਕਿਹਾ ਕਿ ਬ੍ਰੇਵਰਮੈਨ ਦੁਆਰਾ ਸੁਰੱਖਿਆ ਉਲੰਘਣਾਵਾਂ ਬਾਰੇ ਸਵਾਲ ਸਨ। ਕੂਪਰ ਨੇ ਕਿਹਾ, "ਇਹ ਸੱਚਮੁੱਚ ਫੈਸਲੇ ਵਿੱਚ ਇੱਕ ਵੱਡੀ ਗਲਤੀ ਨੂੰ ਦਰਸਾਉਂਦਾ ਹੈ ਕਿ ਰਿਸ਼ੀ ਸੁਨਕ ਨੇ ਸੁਰੱਖਿਆ ਵਿੱਚ ਕਮੀ ਦੇ ਕਾਰਨ ਮੰਤਰੀ ਦੇ ਕੋਡ ਨੂੰ ਤੋੜਨ ਤੋਂ ਛੇ ਦਿਨ ਬਾਅਦ ਕਿਸੇ ਨੂੰ ਦੁਬਾਰਾ ਨਿਯੁਕਤ ਕੀਤਾ ਹੈ।"

ਕੂਪਰ ਨੇ ਕਿਹਾ, "ਇਸ ਤਰ੍ਹਾਂ ਦੇ ਹਫੜਾ-ਦਫੜੀ ਵਾਲੇ, ਭਰਮ ਭਰੇ ਅਤੇ ਸੱਚਮੁੱਚ ਗੈਰ-ਜ਼ਿੰਮੇਵਾਰਾਨਾ ਫੈਸਲੇ ਲੈਣ ਤੋਂ ਪਹਿਲਾਂ ਰਾਸ਼ਟਰੀ ਸੁਰੱਖਿਆ ਬਹੁਤ ਮਹੱਤਵਪੂਰਨ ਹੈ।" ਕੂਪਰ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਸੁਨਕ ਨੂੰ ਸੁਏਲਾ ਬ੍ਰੇਵਰਮੈਨ ਨੂੰ ਬਰਖਾਸਤ ਕਰਨਾ ਚਾਹੀਦਾ ਹੈ।

## ਪੰਜਾਬ ਪੁਲਿਸ ਦੀ ਏ.ਜੀ.ਟੀ.ਐਫ. ਟੀਮ 'ਕੇਂਦਰੀ ਗ੍ਰਹਿ ਮੰਤਰੀ ਸਪੈਸ਼ਲ ਆਪ੍ਰੇਸ਼ਨ ਮੈਡਲ' ਨਾਲ ਸਨਮਾਨਿਤ

*** ਐਂਟੀ ਗੈਂਗਸਟਰ ਟਾਸਕ ਫੋਰਸ ਦਾ ਉਦੇਸ਼ ਸੂਬੇ 'ਚੋਂ ਗੈਂਗਸਟਰਾਂ ਖ਼ਾਤਮਾ ਕਰਨਾ**

ਚੰਡੀਗੜ, 31 ਅਕਤੂਬਰ (ਪੋਸਟ ਬਿਊਰੋ)- ਪੰਜਾਬ ਪੁਲਿਸ ਦੀਆਂ ਸਾਨਦਾਰ ਸੇਵਾਵਾਂ ਨੂੰ ਮਾਨਤਾ ਦਿੰਦਿਆਂ ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਵੱਲੋਂ ਐਂਟੀ ਗੈਂਗਸਟਰ ਟਾਸਕ ਫੋਰਸ (ਏ.ਜੀ.ਟੀ.ਐਫ.), ਪੰਜਾਬ ਦੀ 16 ਮੈਂਬਰੀ ਟੀਮ ਨੂੰ ਸਾਲ 2022 ਲਈ "ਕੇਂਦਰੀ ਗ੍ਰਹਿ ਮੰਤਰੀ ਸਪੈਸ਼ਲ ਆਪ੍ਰੇਸ਼ਨ ਮੈਡਲ" ਨਾਲ ਸਨਮਾਨਿਤ ਕੀਤਾ ਗਿਆ ਹੈ।

ਪੁਰਸਕਾਰ ਜੇਤੂਆਂ ਵਿੱਚ ਏ.ਜੀ.ਟੀ.ਐਫ. ਦੇ ਮੁਖੀ ਏ.ਡੀ.ਜੀ.ਪੀ. ਪ੍ਰਮੋਦ ਬਾਨ ਅਤੇ ਉਨਾਂ ਦੀ ਟੀਮ ਦੇ ਮੈਂਬਰ ਡੀ.ਆਈ.ਜੀ. ਗੁਰਪ੍ਰੀਤ ਸਿੰਘ ਭੁੱਲਰ, ਏ.ਆਈ.ਜੀ. ਗੁਰਮੀਤ ਸਿੰਘ ਚੌਹਾਨ, ਏ.ਆਈ.ਜੀ. ਸੰਦੀਪ ਗੋਇਲ, ਡੀ.ਐਸ.ਪੀ. ਬਿਕਰਮਜੀਤ ਸਿੰਘ ਬਰਾੜ, ...ਬਾਕੀ ਸਫਾ 2 'ਤੇ

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Aaxel InsuranceBrokers Ltd. | 1332 Khalsa Dr, Unit # 11, Mississauga, ON L5S 0A2

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL Insurance Advisor
416-724-5000

GURBIR CHAHAL
416.566.7605
gurbir.chahal@yahoo.com
ROYAL LePAGE Flower City Realty

NOW HIRING !!!
ALLKIND INSURANCE
Life Insurance | Super Visa Insurance
Critical illness Ins | Mortgage Insurance
Travel & Visitor Ins | Disability Insurance
RESP & TFSA & RRSP | Funeral Insurance
SIMRAN SAINI 416.994.7272
www.allkindinsurance.com

OURR HOME & APPLIANCES
UPGRADE TO SMART SCREEN FRIDGE IN JUST $499
FALL For Ourr Exclusive Deals
PRICE $4699
KitchenAid | moffat | MAYTAG | LG | SAMSUNG | Electrolux | JENNAIR | BOSCH | Whirlpool
416-551-5553
WWW.OURRHOMEAPPLIANCES.COM

Pure Vegetarian
MUFFIN'S INDIAN SWEETS & RESTAURANT
CALL (905)794-3007
NOW OPEN AT EMBASSY GRAND PLAZA
#6-8770 THE GORE RD, BRAMPTON, ON L6P 0B1
SPECIAL OFFER
FREE CHOLE BHATURE WHEN YOU SPEND OVER $20
TIFFEN SERVICES ARE ALSO AVAILABLE

INSURANCE
Home | Auto
Business | Trucking
Life Insurance | Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
Amarjeet Singh Gill

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ
ਪਾ ਕੇ ਆਪਣਾ ਕਰੈਡਿਟ ਦੁਬਾਰਾ ਬਣਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

KELLEY LAW OFFICE
Immigration | Real Estate
Family Law | Business Closing
Corporate | Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Mortgage! We Will Beat Any Rate !!!
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Avon Financial Inc.
Cell: 416-841-4218 Tel: 905-216-5563
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

Royal Pest Control
Residential | Commercial | Industrial
Specialist in Bedbugs Service
All Pest Control :
Mouse & Rats | Spiders & Fleas | Bedbugs | Wasps | Cockroaches | Carpenter Ants | Silver Fish | Racoons
Call : PARESH PATEL
416 938 4598

ਨਵਾਂ ਘਾਹ ਲਵਾਉ
647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

MANN LAW FIRM
Real Estate Law | Business Law
Wills & Estates | Family Law
Power of Attorney | Civil Litigation
Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਪਰਾਲੀ ਸੜਨ ਦੀ ਫੇਰ ਆ ਖਬਰ ਆਈ,
ਇੱਕੋ ਈ ਖਬਰ, ਪਰ ਦੋ ਆ ਰੰਗ ਬੇਲੀ।
ਇਕਨਾਂ ਆਖਿਆ ਐਤਕੀਂ ਸੜੀ ਬਾਹਲੀ,
ਕਰਿਆ ਲੋਕਾਂ ਨੂੰ ਬੜਾ ਇਸ ਤੰਗ ਬੇਲੀ।
ਦੂਜਿਆਂ ਕਿਹਾ ਬਈ ਐਤਕੀਂ ਸੜੀ ਥੋੜ੍ਹੀ,
ਘਟਣ ਦੇ ਅੰਕੜੇ ਕਰਨ ਪਏ ਦੰਗ ਬੇਲੀ।
ਖਬਰਾਂ ਦੋਵਾਂ ਵਿੱਚ ਇੱਕੋਹੀ ਗੱਲ ਸਾਂਝੀ,
ਵਾਤਾਵਰਣ ਲਈ ਵੱਜ ਰਿਹਾ ਡੰਗ ਬੇਲੀ।
ਥੋੜ੍ਹੀ ਸਾੜੀ ਜਾਂ ਸਾੜੀ ਗਈ ਬਹੁਤ ਬੇਲੀ,
ਬਦਨਾਮ ਹੁੰਦਾ ਈ ਸਿਰਫ ਕਿਸਾਨ ਬੇਲੀ।
ਤਾਅਨੇ ਦੇਣ ਸਾਰੇ, ਕੋਈ ਨਾ ਸਾਥ ਦੇਂਦਾ,
ਹੁੰਦਾ ਕਿਸਾਨਾਂ ਦਾ ਆਪ ਨੁਕਸਾਨ ਬੇਲੀ।

**ਤੀਸ ਮਾਰ ਖਾਂ**

# ਪੰਜਾਬ ਪੁਲਿਸ ਦੀ ਏਜੀਟੀਐਫ ਟੀਮ 'ਕੇਂਦਰੀ ਗ੍ਰਹਿ ਮੰਤਰੀ ਸਪੈਸ਼ਲ ਆਪ੍ਰੇਸ਼ਨ ਮੈਡਲ' ਨਾਲ ਸਨਮਾਨਿਤ

.....ਪੰਨਾ 1 ਦਾ ਬਾਕੀ

ਐਸ.ਆਈ. ਸੁਖਪ੍ਰੀਤ ਸਿੰਘ, ਐਸ.ਆਈ. ਸੁਮਿਤ ਗੋਇਲ, ਐਸ.ਆਈ. ਨਿਤਿਨ ਕੁਮਾਰ, ਐਸ.ਆਈ. ਸਗਨਜੀਤ ਸਿੰਘ, ਐਸ.ਆਈ. ਕੁਲਵਿੰਦਰ ਸਿੰਘ, ਐਸ.ਓ. ਰਾਹੁਲ ਕੁਮਾਰ ਚੇਚੀ, ਐਸ.ਆਈ. ਮੋਨਿੰਦਰ ਸਿੰਘ, ਐਸ.ਆਈ. ਰਾਹੁਲ ਸਰਮਾ, ਐਸ.ਆਈ. ਗੁਰਪ੍ਰੀਤ ਸਿੰਘ, ਐਸ.ਆਈ. ਅਵਤਾਰ ਸਿੰਘ ਅਤੇ ਏ.ਐਸ.ਆਈ ਸੁਖਜਿੰਦਰ ਸਿੰਘ ਸਾਮਲ ਹਨ।

ਜ਼ਿਕਰਯੋਗ ਹੈ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਨਿਰਦੇਸ਼ਾਂ 'ਤੇ ਖੁਫੀਆ ਸੂਹਾਂ ਦੀ ਵਰਤੋਂ ਕਰਦਿਆਂ ਅਤੇ ਪੰਜਾਬ ਪੁਲਿਸ ਦੀਆਂ ਫੀਲਡ ਯੂਨਿਟਾਂ ਦੇ ਤਾਲਮੇਲ ਨਾਲ ਸੂਬੇ 'ਚੋਂ ਗੈਂਗਸਟਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਨੂੰ ਨੱਥ ਪਾਉਣ ਲਈ ਏ.ਡੀ.ਜੀ.ਪੀ. ਪ੍ਰਮੋਦ ਬਾਨ ਦੀ ਅਗਵਾਈ ਹੇਠ ਏ.ਜੀ.ਟੀ.ਐੱਫ. ਦਾ ਗਠਨ ਕੀਤਾ ਗਿਆ ਸੀ ਤਾਂ ਜੋ ਕਾਨੂੰਨ ਤੇ ਵਿਵਸਥਾ ਵਿੱਚ ਲੋਕਾਂ ਦਾ ਵਿਸ਼ਵਾਸ਼ ਮੁੜ ਬਹਾਲ ਕੀਤਾ ਜਾ ਸਕੇ।

ਡਾਇਰੈਕਟਰ ਜਨਰਲ ਆਫ ਪੁਲਿਸ (ਡੀ.ਜੀ.ਪੀ.) ਪੰਜਾਬ ਗੌਰਵ ਯਾਦਵ ਨਿੱਜੀ ਤੌਰ 'ਤੇ ਏ.ਜੀ.ਟੀ.ਐਫ. ਦੇ ਕੰਮਕਾਜ ਦੀ ਨਿਗਰਾਨੀ ਕਰ ਰਹੇ ਹਨ।

ਏ.ਜੀ.ਟੀ.ਐਫ. ਟੀਮ ਨੂੰ ਵਧਾਈ ਦਿੰਦਿਆਂ ਡੀਜੀਪੀ ਗੌਰਵ ਯਾਦਵ ਨੇ ਇਨਾਂ ਅਧਿਕਾਰੀਆਂ/ਕਰਮਚਾਰੀਆਂ ਦੀਆਂ ਸੇਵਾਵਾਂ ਨੂੰ ਮਾਨਤਾ ਦੇਣ ਲਈ ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਦਾ ਧੰਨਵਾਦ ਕੀਤਾ। ਉਨਾਂ ਕਿਹਾ ਕਿ ਇਹ ਮਾਨਤਾ ਪੂਰੇ ਪੰਜਾਬ ਪੁਲਿਸ ਬਲ ਦਾ ਹੌਂਸਲਾ ਵਧਾਏਗੀ ਅਤੇ ਉਨਾਂ ਨੂੰ ਹੋਰ ਲਗਨ ਅਤੇ ਤਨਦੇਹੀ ਨਾਲ ਕੰਮ ਕਰਨ ਲਈ ਉਤਸਾਹਿਤ ਕਰੇਗੀ।

ਏ.ਜੀ.ਟੀ.ਐਫ. ਦੇ ਗਠਨ ਤੋਂ ਬਾਅਦ, ਫੋਰਸ ਨੇ ਕਈ ਦਲੇਰਾਨਾ ਕਾਰਵਾਈਆਂ ਵਿੱਚ ਸ਼ਾਨਦਾਰ ਪ੍ਰਦਰਸਨ ਕੀਤਾ ਹੈ ਜਿਸ ਦੇ ਨਤੀਜੇ ਵਜੋਂ ਬਹੁਤ ਸਾਰੇ ਗੈਂਗਸਟਰਾਂ ਨੂੰ ਮਾਰ-ਮੁਕਾਇਆ/ਗ੍ਰਿਫਤਾਰ ਕੀਤਾ ਗਿਆ ਜਦੋਂਕਿ ਬਹੁਤ ਸਾਰੇ ਸਮਾਜ ਵਿਰੋਧੀ ਤੱਤ ਮਜ਼ਬੂਰਨ ਸੂਬਾ ਛੱਡ ਗਏ।

ਏ.ਜੀ.ਟੀ.ਐਫ ਦੇ ਇਹਨਾਂ ਵਿਸੇਸ ਆਪ੍ਰੇਸਨਾਂ ਵਿੱਚ ਦੋ ਖ਼ਤਰਨਾਕ ਗੈਂਗਸਟਰਾਂ ਨੂੰ ਮਾਰ ਮੁਕਾਇਆ ਗਿਆ ਅਤੇ 12 ਗੈਂਗਸਟਰਾਂ ਦੀ ਸਮੇਂ ਸਿਰ ਗ੍ਰਿਫਤਾਰੀ ਕੀਤੀ ਗਈ। ਇਸ ਤੋਂ ਇਲਾਵਾ ਉਨਾਂ ਦੇ ਕਬਜੇ ਵਿੱਚੋਂ 24 ਹਥਿਆਰ, 1.05 ਕਿਲੋਗ੍ਰਾਮ ਹੈਰੋਇਨ ਅਤੇ 79.27 ਲੱਖ ਰੁਪਏ ਦੀ ਡਰੱਗ ਮਨੀ, 11 ਵਾਹਨ ਅਤੇ ਇੱਕ ਪੁਲਿਸ ਵਰਦੀ ਬਰਾਮਦ ਕੀਤੀ ਗਈ ਜਿਸ ਨਾਲ ਸਰਹੱਦ ਪਾਰ ਤੋਂ ਨਸ਼ਿਆਂ/ਹਥਿਆਰਾਂ ਦੀ ਤਸਕਰੀ ਨੂੰ ਸਫਲਤਾਪੂਰਵਕ ਠੱਲ ਪਈ ਅਤੇ ਪੰਜਾਬ ਵਿੱਚ ਸਨਸਨੀਖੇਜ ਜੁਰਮ ਕਰਨ ਦੀਆਂ ਉਨਾਂ ਦੀਆਂ ਯੋਜਨਾਵਾਂ ਨੂੰ ਨਾਕਾਮ ਕਰ ਦਿੱਤਾ।

# ਖਰੀਦ ਵਿੱਚ ਕੋਈ ਵੀ ਬੇਨਿਯਮੀ ਬਿਲਕੁਲ ਵੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ: ਲਾਲ ਚੰਦ ਕਟਾਰੂਚੱਕ

* ਮੈਸਰਜ਼ ਭਾਈ ਲਹਿਣਾ ਜੀ ਰਾਈਸ ਮਿੱਲਜ਼, ਬਰੀਵਾਲਾ 3 ਸਾਲ ਲਈ ਬਲੈਕ ਲਿਸਟ



ਚੰਡੀਗੜ, 31 ਅਕਤੂਬਰ (ਪੋਸਟ ਬਿਊਰੋ)- ਸੂਬਾ ਸਰਕਾਰ ਵੱਲੋਂ ਚਲਦੇ ਸੀਜਨ ਦੌਰਾਨ ਝੋਨੇ ਦੀ ਸਰਕਾਰੀ ਖਰੀਦ ਵਿੱਚ ਕੋਈ ਵੀ ਬੇਨਿਯਮੀ ਨੂੰ ਸਹਿਣ ਨਾ ਕਰਨ ਦੀ ਨੀਤੀ ਉੱਤੇ ਪੁਰਜ਼ੋਰ ਢੰਗ ਨਾਲ ਪਹਿਰਾ ਦਿੱਤਾ ਜਾ ਰਿਹਾ ਹੈ ਅਤੇ ਬੇਨਿਯਮੀਆਂ ਕਰਨ ਵਾਲਿਆਂ ਖਿਲਾਫ਼ ਮਿਸਾਲੀ ਕਾਰਵਾਈ ਕੀਤੀ ਜਾ ਰਹੀ ਹੈ ਕਿਉਂਜੋ ਇਕ ਪਾਰਦਰਸ਼ੀ ਅਤੇ ਸਾਫ਼-ਸੁਥਰਾ ਪ੍ਰਸ਼ਾਸ਼ਨ ਲੋਕਾਂ ਨੂੰ ਮੁਹੱਈਆ ਕਰਵਾਉਣ ਦਾ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਅਹਿਦ ਕੀਤਾ ਹੈ।

ਇਹ ਜਾਣਕਾਰੀ ਦਿੰਦੇ ਹੋਏ ਸੂਬੇ ਦੇ ਖੁਰਾਕ, ਸਿਵਲ ਸਪਲਾਈ ਅਤੇ ਖ਼ਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਇਸੇ ਸਿਲਸਿਲੇ ਤਹਿਤ ਮੈਸਰਜ਼ ਭਾਈ ਲਹਿਣਾ ਜੀ ਰਾਈਸ ਮਿੱਲਜ਼, ਬਰੀਵਾਲਾ ਦੀ ਝੋਨੇ ਦੀ ਅਲਾਟਮੈਂਟ ਰੱਦ ਕਰਦੇ ਹੋਏ ਮਿਲ ਨੂੰ 3 ਸਾਲ ਲਈ ਬਲੈਕ ਲਿਸਟ ਕੀਤਾ ਗਿਆ ਹੈ।

ਉਹਨਾਂ ਅੱਗੇ ਜਾਣਕਾਰੀ ਦਿੱਤੀ ਕਿ ਵਿਭਾਗ ਦੀ ਸੀ.ਵੀ.ਸੀ. ਟੀਮ ਨੇ ਉਪਰੋਕਤ ਮਿੱਲ ਦੇ ਝੋਨੇ ਦੇ ਸਟਾਕ ਦੀ ਪੜਤਾਲ ਕੀਤੀ ਅਤੇ ਪਾਇਆ ਕਿ ਮਿੱਲ ਵਿੱਚ 8000 ਬੋਰੀਆਂ (3000 ਕੁਇੰਟਲ) ਝੋਨਾ ਵੱਧ ਹੈ, ਜਿਸ ਦੀ ਸਰਕਾਰੀ ਕੀਮਤ 75 ਲੱਖ ਰੁਪਏ ਬਣਦੀ ਹੈ। ਉਹਨਾਂ ਇਹ ਵੀ ਕਿਹਾ ਕਿ ਅਜਿਹੀ ਜਮਾਂਖੋਰੀ ਹਰਗਿਜ਼ ਵੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਕਿਉਂਜੋ ਇਸ ਨਾਲ ਸਿੱਧਾ ਪ੍ਰਭਾਵ ਸੂਬੇ ਦੀ ਕਿਸਾਨੀ ਉੱਤੇ ਪੈਂਦਾ ਹੈ।

ਵਿਭਾਗ ਦੇ ਪ੍ਰਮੁੱਖ ਸਕੱਤਰ ਰਾਹੁਲ ਭੰਡਾਰੀ ਨੇ ਵਧੇਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮਿਤੀ 29-10-2022 ਨੂੰ ਵਿਭਾਗ ਦੀ ਵਿਜੀਲੈਂਸ ਟੀਮ ਵਲੋਂ ਮਾਰਕਫੈੱਡ ਏਜੰਸੀ ਨੂੰ ਅਲਾਟ ਉਕਤ ਮਿਲ ਦੀ ਵਾਸਤਵਿਕ ਪੜਤਾਲ ਕੀਤੀ ਗਈ। ਮਾਰਕਫੈੱਡ ਵੱਲੋਂ ਵੱਖੋ-ਵੱਖ ਖ਼ਰੀਦ ਕੇਂਦਰਾਂ ਤੋਂ ਮਿੱਲ ਵਿੱਚ ਭੇਜੇ ਗਏ ਝੋਨੇ ਅਤੇ ਮਿੱਲ ਵਿੱਚ ਸਥਾਪਤ ਆਰਜ਼ੀ ਖ਼ਰੀਦ ਕੇਂਦਰ ਵਿੱਚ ਪਏ ਸਟਾਕ ਦਾ ਮਿਲਾਣ ਕਰਨ ਉੱਤੇ ਉਪਰੋਕਤ ਬੇਨਿਯਮੀ ਸਾਹਮਣੇ ਆਈ। ਮਿੱਲ ਵਿੱਚ 39563 ਬੋਰੀਆਂ ਦੇ ਬਦਲੇ 45102 ਬੋਰੀਆਂ ਅਤੇ ਆਰਜ਼ੀ ਖ਼ਰੀਦ ਕੇਂਦਰ ਵਿੱਚ 402 ਬੋਰੀਆਂ ਝੋਨੇ ਦੇ ਬਦਲੇ 2863 ਬੋਰੀਆਂ ਪਾਈਆਂ ਗਈਆਂ। ਇਸ ਤਰਾਂ ਮਿੱਲ ਵਿੱਚ 5539 ਅਤੇ ਆਰਜ਼ੀ ਖ਼ਰੀਦ ਕੇਂਦਰ ਵਿੱਚ 2461 ਬੋਰੀਆਂ ਝੋਨਾ ਵੱਧ ਪਾਇਆ ਗਿਆ। ਉਹਨਾਂ ਦੱਸਿਆ ਕਿ ਇਸ ਤੋਂ ਇਹ ਜਾਪਦਾ ਹੈ ਕਿ ਮਿੱਲਰ ਨੇ ਅਣਅਧਿਕਾਰਤ ਤੌਰ ਜਾਂ ਘੱਟ ਕੀਮਤ ਤੇ ਝੋਨਾ ਖਰੀਦ ਕੇ ਰੀਸਾਇਕਲ ਕਰਨ ਦੇ ਮੰਤਵ ਨਾਲ ਸਰਕਾਰ ਨੂੰ ਚੂਨਾ ਲਾਉਣ ਦੀ ਕੋਸ਼ਿਸ਼ ਕੀਤੀ ਹੈ। ਇਸੇ ਨੂੰ ਮੁੱਖ ਰੱਖਦੇ ਹੋਏ ਸਰਕਾਰ ਦੀ ਕਸਟਮ ਮਿਲਿੰਗ ਨੀਤੀ 2022-23 ਦੀ ਅਨੁਸਾਰ ਜਿਲਾ ਅਲਾਟਮੈਂਟ ਕਮੇਟੀ ਸ਼੍ਰੀ ਮੁਕਤਸਰ ਸਾਹਿਬ ਵਲੋਂ ਉਪਰੋਕਤ ਮਿੱਲ ਦੀ ਅਲਾਟਮੈਂਟ ਰੱਦ ਕਰਨ ਅਤੇ ਮਿਲ ਨੂੰ ਤਿੰਨ ਸਾਲਾਂ ਲਈ ਬਲੈਕ ਲਿਸਟ ਕਰਨ ਦੀ ਕਾਰਵਾਈ ਕੀਤੀ ਗਈ ਹੈ। ਮਿਲ ਦੀ ਅਲਾਟਮੈਂਟ ਰੱਦ ਹੋਣ ਕਾਰਣ ਮਿਲ ਵਿੱਚ ਭੰਡਾਰ ਪੈਡੀ ਮਿਲਰ ਦੇ ਰਿਸਕ ਅਤੇ ਕਾਸਟ ਤੇ ਹੋਰ ਮਿਲਾਂ ਵਿੱਚ ਸ਼ਿਫਟ ਕਰਨ ਸਬੰਧੀ ਵੀ ਹੁਕਮ ਜਾਰੀ ਕੀਤੀ ਗਏ ਹਨ। ਇਸ ਤੋਂ ਇਲਾਵਾ ਮਿਲ ਨੂੰ ਬਤੌਰ ਆਰਜ਼ੀ ਕੇਂਦਰ ਡੀ-ਨੋਟੀਫਾਈ ਕਰਨ ਲਈ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।

ਉਨਾਂ ਦੱਸਿਆ ਕਿ ਰਾਜ ਸਰਕਾਰ ਵੱਲੋਂ ਖਰੀਫ ਸੀਜ਼ਨ 2022-23 ਦੌਰਾਨ ਸੂਬੇ ਵਿੱਚ ਬਾਹਰਲੇ ਰਾਜਾਂ ਤੋਂ ਸਸਤੇ ਭਾਅ ਤੇ ਖਰੀਦਿਆ ਝੋਨਾ/ ਚੌਲ ਪੰਜਾਬ ਰਾਜ ਵਿੱਚ ਲਿਆ ਕੇ ਵੇਚਣ ਅਤੇ ਝੋਨੇ/ ਚੌਲ ਦੀ ਬੋਗਸ ਬਿਲਿੰਗ ਨੂੰ ਰੋਕਣ ਲਈ ਮੁਹਿੰਮ ਵਿੱਢੀ ਹੋਈ ਹੈ, ਤਾਂ ਜੋ ਝੋਨੇ/ ਚੌਲਾਂ ਦੀ ਰੀਸਾਇਕਲਿੰਗ ਨੂੰ ਰੋਕਿਆ ਜਾ ਸਕੇ। ਰਾਜ ਸਰਕਾਰ ਇਨਾਂ ਮਾਮਲਿਆਂ ਨੂੰ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਅਪਣਾਉਂਦਿਆ ਦੋਸ਼ੀਆਂ ਵਿਰੁੱਧ ਸਖਤੀ ਨਾਲ ਕਾਰਵਾਈ ਕਰੇਗੀ ਅਤੇ ਜੇਕਰ ਸਰਕਾਰ ਦੇ ਕਿਸੇ ਮੁਲਾਜ਼ਮ ਦੀ ਮਿਲੀ-ਭੁਗਤ ਅਜਿਹੇ ਮਾਮਲਿਆਂ ਵਿੱਚ ਪਾਈ ਗਈ ਤਾਂ ਉੱਸ ਵਿਰੁੱਧ ਵੀ ਪੂਰੀ ਸਖਤੀ ਨਾਲ ਕਾਰਵਾਈ ਕੀਤੀ ਜਾਵੇਗੀ।

# ਜੀਟੀਏਏ ਨੇ ਛੇ ਆਰਗੇਨਾਈਜ਼ੇਸ਼ਨਜ਼ ਨੂੰ ਜਾਰੀ ਕੀਤੇ 387,000 ਡਾਲਰ ਫੰਡ



.....ਪੰਨਾ 1 ਦਾ ਬਾਕੀ

ਅਰਬਨ ਪਾਇਲਟਸ ਨੈੱਟਵਰਕ, ਉੱਘੀਆਂ ਏਵੀਏਸ਼ਨ ਏਜੰਸੀਆਂ ਨਾਲ ਬਲੈਕ ਤੇ ਕੱਟੜਪੰਥੀ ਨੌਜਵਾਨਾਂ ਨੂੰ ਐਂਟਰੀ ਲੈਵਲ ਦੀਆਂ ਨੌਕਰੀਆਂ ਦਿਵਾਉਣ ਦਾ ਕੰਮ ਕਰਦੀ ਹੈ। ਐਕਸੈੱਸ ਇੰਪਲੌਇਮੈਂਟ ਜੀਟੀਏ ਵਿੱਚ ਯੂਕਰੇਨੀਅਨ ਨਿਊਕਮਰ ਅਸਿਸਟੈਂਸ ਪ੍ਰੋਗਰਾਮ ਰਾਹੀਂ ਜੀਟੀਏ ਵਿੱਚ ਯੂਕਰੇਨ ਤੋਂ ਆਏ ਨਿਊ ਕਮਰਜ਼ ਲਈ ਰੋਜ਼ਗਾਰ ਦਿਵਾਉਣ ਦਾ ਕੰਮ ਕਰਦੀ ਹੈ। ਬ੍ਰੈਂਡਸ ਫੌਰ ਕੈਨੇਡਾ ਦਾ ਢੁਕਵਾਂ ਇੰਪਰੈਸ਼ਨਜ਼ ਪ੍ਰੋਗਰਾਮ ਇਸ ਵਿੱਚ ਹਿੱਸਾ ਲੈਣ ਵਾਲਿਆਂ ਨੂੰ ਨੌਕਰੀ ਦੀ ਇੰਟਰਵਿਊ ਵਿੱਚ ਸਫਲ ਹੋਣ ਵਿੱਚ ਮਦਦ ਕਰਦਾ ਹੈ।

ਬਲੂ ਡੋਰ ਸਪੋਰਟ ਦਾ ਕੰਸਟ੍ਰਕਟ ਪ੍ਰੋਗਰਾਮ ਕੰਸਟ੍ਰਕਸ਼ਨ ਇੰਡਸਟਰੀ ਲਈ ਨੌਜਵਾਨਾਂ ਨੂੰ ਤਿਆਰ ਕਰਦਾ ਹੈ।ਉਹ ਮੁਫਤ ਆਈਏਐਮ ਪ੍ਰੋਗਰਾਮ ਆਫਰ ਕਰਦੇ ਹਨ ਤੇ ਅੱਠ ਹਫਤਿਆਂ ਦਾ ਇੰਪਲੌਇਮੈਂਟ ਆਰਟਸ ਐਂਡ ਕਲਚਰ ਟਰੇਨਿੰਗ ਪ੍ਰੋਗਰਾਮ ਕਰਵਾਉਂਦੇ ਹਨ। ਸ਼ੇਕਸਪੀਅਰ ਇਨ ਐਕਸ਼ਨ ਦੇ ਬੈਕਸਟੇਜ ਸੈਂਟਰ ਟੈਕਨੀਕਲ ਅਪਰੈਂਟਿਸਸ਼ਿਪ ਪ੍ਰੋਗਰਾਮ ਤਹਿਤ 15 ਤੋਂ 30 ਸਾਲਾਂ ਦੇ ਨੌਜਵਾਨਾਂ ਨੂੰ ਪੇਡ ਜੌਬ ਲਈ ਟਰੇਨਿੰਗ ਮੁਹੱਈਆ ਕਰਵਾਈ ਜਾਂਦੀ ਹੈ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਖਿੜਕੀਆਂ ਅਤੇ ਦਰਵਾਜੇ ਲਗਵਾਓ
Free Estimates
ਵਨਾਈਲ ਅਤੇ ਐਲੂਮੀਨੀਅਮ ਵਿੰਡੋਜ਼, ਸਟੋਰਮ ਡੋਰ, ਕਲੋਸੈਟ ਡੋਰ ਮਿਰਰਜ਼, ਪੋਰਚ ਐਨਕਲੋਜ਼ਡ, ਮੇਨ ਐਂਟਰੈਂਸ ਡੋਰ, ਹਰ ਤਰਾਂ ਦਾ ਗਲਾਸ ਰਿਪਲੇਸਮੈਂਟ
ਅਸੀਂ ਪੇਂਟ ਵੀ ਕਰਦੇ ਹਾਂ
24 ਘੰਟੇ ਤੁਹਾਡੀ ਸੇਵਾ ਵਿੱਚ
SINGH (TOCHI)
416-454-3031
647-784-8240
Email: tochisangha1@hotmail.com
CANADIAN GLASS AND WINDOW

UK TRUCK TRAINING CENTRE
ukttc
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਨਸ਼ਿਆਂ ਵਿਰੁੱਧ ਜੰਗ ਦੇ 4 ਮਹੀਨਿਆਂ ਦੌਰਾਨ ਪੰਜਾਬ ਪੁਲਿਸ ਨੇ 1097 ਵੱਡੀਆਂ ਮੱਛੀਆਂ ਸਮੇਤ 6997 ਨਸ਼ਾ ਤਸਕਰਾਂ ਨੂੰ ਕੀਤਾ ਗ੍ਰਿਫਤਾਰ; 4065 ਕਿਲੋ ਹੈਰੋਇਨ ਕੀਤੀ ਬਰਾਮਦ

*** ਮੁੱਖ ਮੰਤਰੀ ਭਗਵੰਤ ਮਾਨ ਦੇ ਨਿਰਦੇਸ਼ਾਂ 'ਤੇ ਸ਼ੁਰੂ ਕੀਤੀ ਗਈ ਵਿਸ਼ੇਸ਼ ਮੁਹਿੰਮ ਉਪਰੰਤ ਪੰਜਾਬ ਪੁਲਿਸ ਨੇ ਐਨਡੀਪੀਐਸ ਐਕਟ ਤਹਿਤ 5346 ਐਫਆਈਆਰ ਕੀਤੀਆਂ ਦਰਜ * ਐਨਡੀਪੀਐਸ ਐਕਟ ਦੇ ਕੇਸਾਂ ਵਿੱਚ ਭਗੌੜਿਆਂ ਨੂੰ ਗ੍ਰਿਫਤਾਰ ਕਰਨ ਸਬੰਧੀ ਮੁਹਿੰਮ ਤਹਿਤ ਗ੍ਰਿਫਤਾਰ ਭਗੌੜਿਆਂ ਦੀ ਗਿਣਤੀ 383 ਤੱਕ ਪਹੁੰਚੀ**



ਚੰਡੀਗੜ, 31 ਅਕਤੂਬਰ (ਪੋਸਟ ਬਿਊਰੋ)- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਨਸ਼ਿਆਂ ਨੂੰ ਜੜੋਂ ਪੁੱਟਣ ਲਈ ਵਿੱਢੀ ਜੰਗ ਪੰਜਵੇਂ ਮਹੀਨੇ ਵਿੱਚ ਦਾਖਲ ਹੋ ਗਈ ਹੈ, ਜਿਸ ਤਹਿਤ ਪੰਜਾਬ ਪੁਲਿਸ ਨੇ 5 ਜੁਲਾਈ 2022 ਤੋਂ ਹੁਣ ਤੱਕ 1097 ਵੱਡੀਆਂ ਮੱਛੀਆਂ ਸਮੇਤ 6997 ਨਸਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਹੈ। ਇਸ ਸਮੇਂ ਦੌਰਾਨ ਪੁਲਿਸ ਵੱਲੋਂ 580 ਵਪਾਰਕ ਮਾਮਲਿਆਂ ਸਮੇਤ ਕੁੱਲ 5346 ਐਫ.ਆਈ.ਆਰਜ਼ ਦਰਜ ਕੀਤੀਆਂ ਗਈਆਂ ਹਨ।

ਅੱਜ ਇੱਥੇ ਆਪਣੀ ਹਫ਼ਤਾਵਾਰੀ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਇੰਸਪੈਕਟਰ ਜਨਰਲ ਆਫ਼ ਪੁਲਿਸ (ਆਈਜੀਪੀ) ਹੈੱਡਕੁਆਰਟਰ ਸੁਖਚੈਨ ਸਿੰਘ ਗਿੱਲ ਨੇ ਦੱਸਿਆ ਕਿ ਪੁਲਿਸ ਟੀਮਾਂ ਨੇ ਸੂਬੇ ਭਰ ਦੀਆਂ ਸੰਵੇਦਨਸ਼ੀਲ ਥਾਵਾਂ ਅਤੇ ਨਸ਼ਾ ਪ੍ਰਭਾਵਿਤ ਇਲਾਕਿਆਂ 'ਚ ਨਾਕਾਬੰਦੀ ਅਤੇ ਤਲਾਸ਼ੀ ਮੁਹਿੰਮ ਚਲਾ ਕੇ 259.7 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਇਸ ਤੋਂ ਇਲਾਵਾ, ਪੰਜਾਬ ਪੁਲਿਸ ਦੀਆਂ ਟੀਮਾਂ ਵੱਲੋਂ ਗੁਜਰਾਤ ਅਤੇ ਮਹਾਰਾ-ਸ਼ਟਰ ਦੀਆਂ ਬੰਦਰਗਾਹਾਂ ਤੋਂ 147.5 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਸੀ, ਜਿਸ ਨਾਲ ਸਿਰਫ ਚਾਰ ਮਹੀਨਿਆਂ ਵਿੱਚ ਹੈਰੋਇਨ ਦੀ ਕੁੱਲ ਰਿਕਵਰੀ 406.5 ਕਿਲੋਗ੍ਰਾਮ ਹੋ ਗਈ ਹੈ।

ਆਈਜੀਪੀ ਨੇ ਦੱਸਿਆ ਕਿ ਹੈਰੋਇਨ ਦੀ ਵੱਡੀ ਖੇਪ ਬਰਾਮਦ ਕਰਨ ਤੋਂ ਇਲਾਵਾ ਪੁਲਿਸ ਨੇ ਸੂਬੇ ਭਰ ਵਿੱਚੋਂ 300 ਕਿਲੋ ਅਫੀਮ, 197.2 ਕਿਲੋ ਗਾਂਜਾ, 293 ਕੁਇੰਟਲ ਭੁੱਕੀ ਅਤੇ ਫਾਰਮਾ ਓਪੀਓਡਜ ਦੀਆਂ 27.56 ਲੱਖ ਗੋਲੀਆਂ/ਕੈਪਸੂਲ/ਟੀਕੇ/ਸੀਸੀਆਂ ਵੀ ਬਰਾਮਦ ਕੀਤੀਆਂ ਹਨ। ਪੁਲੀਸ ਨੇ ਇਨਾਂ ਚਾਰ ਮਹੀਨਿਆਂ ਵਿੱਚ ਗ੍ਰਿਫਤਾਰ ਕੀਤੇ ਨਸ਼ਾ ਤਸਕਰਾਂ ਦੇ ਕਬਜੇ ਵਿੱਚੋਂ 4.49 ਕਰੋੜ ਰੁਪਏ ਦੀ ਡਰੱਗ ਮਨੀ ਵੀ ਬਰਾਮਦ ਕੀਤੀ ਹੈ।

ਦੋ ਹਫ਼ਤੇ ਦੌਰਾਨ ਹੋਈ ਡਰੱਗ ਰਿਕਵਰੀ ਦੇ ਵੇਰਵਿਆਂ ਬਾਰੇ ਜਾਣਕਾਰੀ ਦਿੰਦਿਆਂ ਆਈਜੀਪੀ ਨੇ ਦੱਸਿਆ ਕਿ ਪੰਜਾਬ ਪੁਲਿਸ ਨੇ ਪਿਛਲੇ ਦੋ ਹਫਤਿਆਂ ਵਿੱਚ 54 ਵਪਾਰਕ ਮਾਮਲਿਆਂ ਸਮੇਤ 399 ਐੱਫ.ਆਈ.ਆਰਜ਼ ਦਰਜ ਕਰਕੇ 508 ਨਸ਼ਾ ਤਸਕਰਾਂ/ਸਪਲਾਇਰਾਂ ਨੂੰ ਗ੍ਰਿਫਤਾਰ ਕੀਤਾ ਹੈ ਅਤੇ ਉਹਨਾਂ ਕੋਲੋਂ 26.5 ਕਿਲੋ ਹੈਰੋਇਨ, 17 ਕਿਲੋ ਅਫੀਮ, 13.8 ਕਿਲੋ ਗਾਂਜਾ, 19 ਕੁਇੰਟਲ ਭੁੱਕੀ, ਫਾਰਮਾ ਓਪੀਓਡਜ ਦੀਆਂ 1.20 ਲੱਖ ਗੋਲੀਆਂ/ਕੈਪਸੂਲ/ਟੀਕੇ/ਸ਼ੀਸ਼ੀਆਂ ਤੋਂ ਇਲਾਵਾ 4.5 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ।

ਉਨਾਂ ਕਿਹਾ ਕਿ 5 ਜੁਲਾਈ, 2022 ਨੂੰ ਭਗੌੜਿਆਂ ਨੂੰ ਗ੍ਰਿਫਤਾਰ ਕਰਨ ਲਈ ਸ਼ੁਰੂ ਕੀਤੀ ਵਿਸ਼ੇਸ਼ ਮੁਹਿੰਮ ਤਹਿਤ ਪਿਛਲੇ ਦੋ ਹਫਤਿਆਂ ਵਿੱਚ ਐਨਡੀਪੀਐਸ ਕੇਸਾਂ ਵਿੱਚ 07 ਹੋਰ ਭਗੌੜੇ ਗ੍ਰਿਫਤਾਰ ਕੀਤੇ ਜਾਣ ਨਾਲ ਗ੍ਰਿਫਤਾਰੀਆਂ ਦੀ ਕੁੱਲ ਗਿਣਤੀ 383 ਹੋ ਗਈ ਹੈ।

ਦੱਸਣਯੋਗ ਹੈ ਕਿ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ.ਜੀ.ਪੀ.) ਪੰਜਾਬ ਗੌਰਵ ਯਾਦਵ ਨੇ ਸਾਰੇ ਸੀਪੀਜ/ਐਸਐਸਪੀਜ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਸਨ ਕਿ ਉਹ ਹਰੇਕ ਮਾਮਲੇ ਖਾਸ ਤੌਰ 'ਤੇ ਡਰੱਗ ਰਿਕਵਰੀ ਨਾਲ ਸਬੰਧਤ ਮਾਮਲਿਆਂ ਵਿੱਚ ਅਗਲੇ-ਪਿਛਲੇ ਸਬੰਧਾਂ ਦੀ ਬਾਰੀਕੀ ਨਾਲ ਜਾਂਚ ਕਰਨ, ਭਾਵੇਂ ਇਹ ਨਸ਼ੇ ਦੀ ਮਾਮੂਲੀ ਮਾਤਰਾ ਦੀ ਬਰਾਮਦੀ ਹੀ ਹੋਵੇ।

ਜ਼ਿਕਰਯੋਗ ਹੈ ਕਿ ਪੰਜਾਬ ਨੂੰ ਨਸਾ ਮੁਕਤ ਸੂਬਾ ਬਣਾਉਣ ਸਬੰਧੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪੰਜਾਬ ਪੁਲਿਸ ਵੱਲੋਂ ਸਰਹੱਦੀ ਸੂਬੇ ਪੰਜਾਬ ਤੋਂ ਨਸ਼ਿਆਂ ਦੀ ਅਲਾਮਤ ਨੂੰ ਨੱਥ ਪਾਉਣ ਲਈ ਵਿਆਪਕ ਨਸ਼ਾ ਵਿਰੋਧੀ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ। ਡੀਜੀਪੀ ਵੱਲੋਂ ਸਾਰੇ ਸੀਪੀਜ/ਐਸਐਸਪੀਜ ਨੂੰ ਸਾਰੇ ਨਾਮੀ ਨਸ਼ਾ ਤਸਕਰਾਂ ਨੂੰ ਕਾਬੂ ਕਰਨ ਅਤੇ ਆਪਣੇ ਅਧਿਕਾਰ ਖੇਤਰਾਂ ਵਿੱਚ ਨਸਾ ਤਸਕਰੀ ਵਾਲੇ ਸੰਵੇਦਨਸ਼ੀਲ ਸਥਾਨਾਂ ਦੀ ਸਨਾਖਤ ਦੇ ਸਖਤ ਹੁਕਮ ਦਿੱਤੇ ਗਏ ਹਨ। ਉਹਨਾਂ ਪੁਲਿਸ ਮੁਖੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਫੜੇ ਗਏ ਸਾਰੇ ਨਸ਼ਾ ਤਸਕਰਾਂ ਦੀ ਜਾਇਦਾਦ ਜ਼ਬਤ ਕੀਤੀ ਜਾਵੇ ਤਾਂ ਜੋ ਉਹਨਾਂ ਤੋਂ ਨਜਾਇਜ ਰਾਸ਼ੀ ਬਰਾਮਦ ਕੀਤੀ ਜਾ ਸਕੇ।

# ਝੋਨੇ ਦਾ ਮੌਜੂਦਾ ਖ਼ਰੀਦ ਸੀਜ਼ਨ ਇਕ ਹਫ਼ਤੇ ਵਿੱਚ ਹੋਵੇਗਾ ਮੁਕੰਮਲ: ਮੁੱਖ ਮੰਤਰੀ

*** ਸਿੱਧੂ ਮੂਸੇਵਾਲਾ ਦੇ ਕਤਲ ਦੇ ਦੋਸ਼ੀਆਂ ਨੂੰ ਮਿਸਾਲੀ ਸਜ਼ਾ ਮਿਲੇਗੀ * ਦੋਹਰੇ ਮਾਪਦੰਡਾਂ ਲਈ ਪ੍ਰਤਾਪ ਸਿੰਘ ਬਾਜਵਾ ਦੀ ਕੀਤੀ ਆਲੋਚਨਾ**



ਪਠਾਨਕੋਟ, 31 ਅਕਤੂਬਰ (ਪੋਸਟ ਬਿਊਰੋ)- ਹੁਣ ਤੱਕ ਪੰਜਾਬ ਵਿੱਚ 110 ਲੱਖ ਮੀਟਰਿਕ ਟਨ ਝੋਨੇ ਦੀ ਖ਼ਰੀਦ ਹੋਣ ਦਾ ਦਾਅਵਾ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਕਿਹਾ ਕਿ ਖ਼ਰੀਦ ਤੇ ਚੁਕਾਈ ਦੀ ਸਮੁੱਚੀ ਪ੍ਰਕਿਰਿਆ ਨੂੰ ਇਕ ਹਫ਼ਤੇ ਦੇ ਅੰਦਰ-ਅੰਦਰ ਮੁਕੰਮਲ ਕਰ ਲਿਆ ਜਾਵੇਗਾ।

ਇੱਥੇ ਅਨਾਜ ਮੰਡੀਆਂ ਦਾ ਮੁਆਇਨਾ ਕਰਨ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ 30 ਅਕਤੂਬਰ ਤੱਕ ਤਕਰੀਬਨ 112 ਲੱਖ ਮੀਟਰਿਕ ਟਨ ਝੋਨਾ ਮੰਡੀਆਂ ਵਿੱਚ ਆਇਆ ਹੈ, ਜਿਸ ਵਿੱਚੋਂ ਤਕਰੀਬਨ 110 ਲੱਖ ਮੀਟਰਿਕ ਟਨ ਦੀ ਖ਼ਰੀਦ ਹੋ ਚੁੱਕੀ ਹੈ। ਉਨਾਂ ਦੱਸਿਆ ਕਿ 88 ਲੱਖ ਮੀਟਰਿਕ ਟਨ ਝੋਨਾ ਮੰਡੀਆਂ ਵਿੱਚੋਂ ਚੁੱਕਿਆ ਜਾ ਚੁੱਕਾ ਹੈ ਅਤੇ ਹੁਣ ਤੱਕ 18,660 ਕਰੋੜ ਰੁਪਏ ਦੀ ਕਿਸਾਨਾਂ ਨੂੰ ਅਦਾਇਗੀ ਹੋ ਚੁੱਕੀ ਹੈ। ਝੋਨੇ ਦਾ ਦਾਣਾ-ਦਾਣਾ ਚੁੱਕਣ ਦੀ ਸੂਬਾ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਭਗਵੰਤ ਮਾਨ ਨੇ ਕਿਹਾ ਕਿ ਮੌਜੂਦਾ ਖ਼ਰੀਦ ਸੀਜ਼ਨ ਦੌਰਾਨ ਸੂਬੇ ਭਰ ਵਿੱਚੋਂ ਕਿਸਾਨਾਂ ਦੀ ਇਕ ਵੀ ਸ਼ਿਕਾਇਤ ਨਹੀਂ ਆਈ।

ਇਕ ਸਵਾਲ ਦੇ ਜਵਾਬ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਮਸ਼ਹੂਰ ਗਾਇਕ ਸਿੱਧੂ ਮੂਸੇਵਾਲਾ ਦੇ ਕਤਲ ਦੇ ਦੋਸ਼ੀਆਂ ਨੂੰ ਮਿਸਾਲੀ ਸਜ਼ਾ ਦਿਵਾਉਣ ਲਈ ਸੂਬਾ ਸਰਕਾਰ ਵਚਨਬੱਧ ਹੈ। ਉਨਾਂ ਕਿਹਾ ਕਿ ਇਸ ਘਿਨਾਉਣੇ ਜੁਰਮ ਦੇ ਸਾਜ਼ਿਸ਼ ਘਾੜਿਆਂ ਤੇ ਇਸ ਨੂੰ ਅੰਜ਼ਾਮ ਦੇਣ ਵਾਲਿਆਂ ਨੂੰ ਪਹਿਲਾਂ ਹੀ ਕਾਬੂ ਕੀਤਾ ਜਾ ਚੁੱਕਾ ਹੈ। ਭਗਵੰਤ ਮਾਨ ਨੇ ਕਿਹਾ ਕਿ ਵਿਦੇਸ਼ਾਂ ਵਿੱਚ ਪਨਾਹ ਲਈ ਬੈਠੇ ਮੁਲਜ਼ਮਾਂ ਸਬੰਧੀ ਰੈੱਡ ਕਾਰਨਰ ਨੋਟਿਸ ਜਾਰੀ ਕਰਵਾਉਣ ਲਈ ਸੂਬਾ ਸਰਕਾਰ ਨੇ ਭਾਰਤ ਸਰਕਾਰ ਨੂੰ ਬੇਨਤੀ ਕੀਤੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੀਆਂ ਚੰਗਿਆਈਆਂ ਤੇ ਪ੍ਰਾਪਤੀਆਂ ਦੱਸਣ ਲਈ ਸੂਬਾ ਸਰਕਾਰ ਵੱਲੋਂ ਕੀਤੇ ਜਾਂਦੇ ਖਰਚੇ ਉਤੇ ਸਵਾਲ ਚੁੱਕਣ ਤੋਂ ਪਹਿਲਾਂ ਪ੍ਰਤਾਪ ਸਿੰਘ ਬਾਜਵਾ ਨੂੰ ਆਪਣੇ ਅੰਦਰ ਝਾਤੀ ਮਾਰਨੀ ਚਾਹੀਦੀ ਹੈ ਕਿ ਉਨਾਂ ਦੀ ਪਾਰਟੀ ਦੂਜੇ ਸੂਬਿਆਂ ਵਿੱਚ ਕੀ ਕਰ ਰਹੀ ਹੈ। ਉਨਾਂ ਕਿਹਾ ਕਿ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ 'ਭਾਜਪਾ' ਨੂੰ ਅਜਿਹੇ ਦੋਹਰੇ ਮਾਪਦੰਡਾਂ ਤੋਂ ਗੁਰੇਜ ਕਰਨਾ ਚਾਹੀਦਾ ਹੈ। ਭਗਵੰਤ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੂੰ ਦੂਜੇ ਸੂਬਿਆਂ ਵਿੱਚ ਆਪਣੀਆਂ ਪ੍ਰਾਪਤੀਆਂ ਗਿਣਾਉਣ ਦਾ ਪੂਰਾ ਹੱਕ ਹੈ ਤਾਂ ਕਿ ਸੂਬੇ ਵਿੱਚ ਹੋਰ ਨਿਵੇਸ਼ ਆਕਰਸ਼ਿਤ ਕੀਤਾ ਜਾ ਸਕੇ। ਮੁੱਖ ਮੰਤਰੀ ਨੇ ਕਿਹਾ ਕਿ ਕੋਈ ਵੀ ਵਿਅਕਤੀ ਭਾਜਪਾ ਵਿਚ ਸ਼ਾਮਲ ਹੋ ਕੇ ਦੁੱਧ ਧੋਤਾ ਨਹੀਂ ਹੋ ਜਾਂਦਾ।

# ਵਿਜੀਲੈਂਸ ਜਾਗਰੂਕਤਾ ਹਫਤਾ ਸ਼ੁਰੂ, ਵਿਜੀਲੈਂਸ ਬਿਊਰੋ ਵੱਲੋਂ ਪੰਜਾਬ ਭਰ ਵਿੱਚ ਜਾਗਰੂਕਤਾ ਫੈਲਾਉਣ ਲਈ ਮੁਹਿੰਮ ਦੀ ਸ਼ੁਰੂਆਤ

*** ਮੁੱਖ ਮੰਤਰੀ ਵੱਲੋਂ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਮੁਹੱਈਆ ਕਰਵਾਉਣ ਦਾ ਅਹਿਦ * ਭ੍ਰਿਸ਼ਟਾਚਾਰ ਦੇ ਖਾਤਮੇ ਲਈ ਲੋਕਾਂ ਦੀ ਜਾਗਰੂਕਤਾ ਅਹਿਮ ਭੂਮਿਕਾ ਨਿਭਾਏਗੀ : ਵਰਿੰਦਰ ਕੁਮਾਰ**

ਚੰਡੀਗੜ, 31 ਅਕਤੂਬਰ (ਪੋਸਟ ਬਿਊਰੋ)- ਸਮਾਜ ਵਿੱਚ ਪਾਰਦਰਸਤਾ, ਜਵਾਬਦੇਹੀ ਅਤੇ ਇਮਾਨਦਾਰੀ ਨੂੰ ਉਤਸ਼ਾਹਿਤ ਕਰਨ ਲਈ, ਅੱਜ ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਭ੍ਰਿਸਟਾਚਾਰ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕਤਾ ਫੈਲਾਉਣ ਲਈ 'ਵਿਜੀਲੈਂਸ ਜਾਗਰੂਕਤਾ ਹਫਤਾ' ਮਨਾਉਂਦਿਆਂ ਆਪਣੇ ਅਧਿਕਾਰੀਆਂ/ਕਰਮਚਾਰੀਆਂ ਨੂੰ ਜਾਗਰੂਕ ਕੀਤਾ ਗਿਆ।

ਇਸ ਜਾਗਰੂਕਤਾ ਹਫਤੇ ਦੀ ਸ਼ੁਰੂਆਤ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਸੂਬੇ 'ਚ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਮੁਹੱਈਆ ਕਰਵਾਉਣ ਲਈ ਸਰਕਾਰ ਦੀ ਭ੍ਰਿਸਟਾਚਾਰ ਵਿਰੋਧੀ ਮੁਹਿੰਮ 'ਚ ਲੋਕਾਂ ਨੂੰ ਸਹਿਯੋਗ ਦੇਣ ਦਾ ਸੰਦੇਸ਼ ਦਿੱਤਾ ਹੈ। ਪੰਜਾਬ ਦੇ ਮੁੱਖ ਮੰਤਰੀ ਨੇ ਲੋਕਾਂ ਨੂੰ ਐਂਟੀ ਕਰੱਪਸ਼ਨ ਐਕਸਨ ਲਾਈਨ ਵਟਸਐਪ ਨੰਬਰ 95012-00200 'ਤੇ ਸਹੀ ਜਾਣਕਾਰੀ ਭੇਜਣ ਲਈ ਕਿਹਾ ਹੈ ਅਤੇ ਵਿਸਵਾਸ ਦਿਵਾਇਆ ਹੈ ਕਿ ਭ੍ਰਿਸਟਚਾਰ ਵਿੱਚ ਸਾਮਲ ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ। ਸੂਬੇ ਭਰ ਵਿੱਚ 31 ਅਕਤੂਬਰ ਤੋਂ 6 ਨਵੰਬਰ ਤੱਕ 'ਵਿਜੀਲੈਂਸ ਜਾਗਰੂਕਤਾ ਹਫਤਾ' ਮਨਾਇਆ ਜਾਵੇਗਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਏ.ਡੀ.ਜੀ.ਪੀ.-ਕਮ-ਚੀਫ ਡਾਇਰੈਕਟਰ ਸ੍ਰੀ ਵਰਿੰਦਰ ਕੁਮਾਰ ਨੇ ਦੱਸਿਆ ਕਿ ਇਹ ਸਪਤਾਹ ਮਨਾਉਣ ਦਾ ਉਦੇਸ ਸਰਕਾਰੀ ਦਫਤਰਾਂ ਅਤੇ ਸਮਾਜ ਵਿੱਚੋਂ ਭ੍ਰਿਸਟਾਚਾਰ ਦੇ ਖਾਤਮੇ ਲਈ ਅਹਿਮ ਭੂਮਿਕਾ ਨਿਭਾਉਣ ਵਾਸਤੇ ਆਮ ਲੋਕਾਂ ਨੂੰ ਜਾਗਰੂਕ ਕਰਨਾ ਹੈ।

ਉਨਾਂ ਕਿਹਾ ਕਿ 'ਭ੍ਰਿਸਟਾਚਾਰ ਮੁਕਤ ਸੂਬਾ' ਯਕੀਨੀ ਬਣਾਉਣ ਲਈ ਲੋਕਾਂ ਦੀ ਸਰਗਰਮ ਭੂਮਿਕਾ ਵਾਸਤੇ ਸਾਡੇ ਲਗਾਤਾਰ ਯਤਨਾਂ ਦੇ ਹਿੱਸੇ ਵਜੋਂ ਇਹ ਜਾਗਰੂਕਤਾ ਹਫਤਾ ਮਨਾਇਆ ਜਾ ਰਿਹਾ ਹੈ। ਇਸ ਹਫਤੇ ਦੌਰਾਨ ਅਧਿਕਾਰੀਆਂ ਨੂੰ ਰੋਕਥਾਮ ਉਪਾਵਾਂ ਨੂੰ ਪ੍ਰਭਾਵਸਾਲੀ ਢੰਗ ਨਾਲ ਲਾਗੂ ਕਰਨ ਲਈ ਪ੍ਰੇਰਿਤ ਕੀਤਾ ਜਾਵੇਗਾ ਤਾਂ ਜੋ ਪਾਰਦਰਸਤਾ ਅਤੇ ਜਵਾਬਦੇਹੀ ਬਰਕਰਾਰ ਰੱਖੀ ਜਾ ਸਕੇ।

ਉਹਨਾਂ ਅੱਗੇ ਦੱਸਿਆ ਕਿ ਇਸ ਜਾਗਰੂਕਤਾ ਹਫਤੇ ਦਾ ਮੰਤਵ ਕੇਂਦਰੀ ਵਿਜੀਲੈਂਸ ਕਮਿਸ਼ਨ ਵੱਲੋਂ ਸੰਕਲਪਿਤ 'ਵਿਕਸਿਤ ਰਾਸ਼ਟਰ ਲਈ ਭ੍ਰਿਸਟਾਚਾਰ ਮੁਕਤ ਭਾਰਤ' ਦੇ ਆਸੇ ਤਹਿਤ ਭ੍ਰਿਸ਼ਟਾਚਾਰ ਮੁਕਤ ਸਮਾਜ ਦੀ ਸਿਰਜਣਾ ਕਰਨਾ ਹੈ।

ਵਿਜੀਲੈਂਸ ਬਿਊਰੋ ਦੇ ਮੁਖੀ ਨੇ ਅਧਿਕਾਰੀਆਂ/ਕਰਮਚਾਰੀਆਂ ਨੂੰ ਕੁਸ਼ਲਤਾ ਨਾਲ ਕੰਮ ਕਰਨ ਅਤੇ ਲੰਬਿਤ ਵਿਜੀਲੈਂਸ ਕੇਸਾਂ ਦਾ ਜਲਦ ਨਿਪਟਾਰਾ ਕਰਨ ਲਈ ਕਿਹਾ।

# ਮੁੱਖ ਸਕੱਤਰ ਵਲੋਂ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਪ੍ਰਭਾਵੀ ਢੰਗ ਨਾਲ ਕੰਟਰੋਲ ਕਰਨ ਦੀਆਂ ਹਦਾਇਤਾਂ

ਚੰਡੀਗੜ, 31 ਅਕਤੂਬਰ (ਪੋਸਟ ਬਿਊਰੋ)- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਪਰਾਲੀ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਨੂੰ ਪ੍ਰਭਾਵੀ ਢੰਗ ਨਾਲ ਰੋਕਣ ਦੀਆਂ ਕੋਸ਼ਿਸ਼ਾਂ ਤਹਿਤ ਅੱਜ ਮੁੱਖ ਸਕੱਤਰ ਵਿਜੇ ਕੁਮਾਰ ਜੰਜੂਆ ਨੇ ਪਰਾਲੀ ਸਾੜੇ ਜਾਣ ਵਾਲੇ ਸੰਭਾਵਤ ਖੇਤਰਾਂ 'ਚ ਅਜਿਹੀਆਂ ਘਟਨਾਵਾਂ ਨੂੰ ਕੰਟਰੋਲ ਕਰਨ ਦੀਆਂ ਹਦਾਇਤਾਂ ਦਿੱਤੀਆਂ।

ਪਿਛਲੇ ਦਿਨਾਂ ਦੌਰਾਨ ਸਾਰੇ ਜ਼ਿਲਿਆਂ ਦਾ ਦੌਰਾ ਕਰਕੇ ਆਏ ਸਕੱਤਰ ਇੰਚਾਰਜਾਂ ਤੋਂ ਪਰਾਲੀ ਸਾੜਨ ਦੀਆਂ ਘਟਨਾਵਾਂ ਦਾ ਜਾਇਜ਼ਾ ਅਤੇ ਮੁਕਾਮੀ ਪੱਧਰ ਦੀ ਸਥਿਤੀ ਅਨੁਸਾਰ ਸੁਝਾਅ ਲੈਂਦਿਆਂ ਮੁੱਖ ਸਕੱਤਰ ਨੇ ਪਰਾਲੀ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਰੋਕਣ ਲਈ ਨੰਬਰਦਾਰਾਂ ਦੀ ਜ਼ਿੰਮੇਵਾਰੀ ਤੈਅ ਕਰਨ ਦੀ ਹਦਾਇਤ ਵੀ ਦਿੱਤੀ ਹੈ। ਉਨਾਂ ਕਿਹਾ ਕਿ ਨੰਬਰਦਾਰ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਜਾਗਰੂਕ ਕਰਨ ਅਤੇ ਜਿਨਾਂ ਪਿੰਡਾਂ ਵਿੱਚ ਅੱਗ ਲਾਉਣ ਦੇ ਮਾਮਲੇ ਸਾਹਮਣੇ ਆਉਂਦੇ ਹਨ, ਉਥੋਂ ਦੇ ਨੰਬਰਦਾਰਾਂ ਦੀ ਜਵਾਬਦੇਹੀ ਤੈਅ ਕੀਤੀ ਜਾਵੇ।

ਇਥੇ ਪਰਾਲੀ ਪ੍ਰਬੰਧਨ ਲਈ ਇਕ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਸਕੱਤਰ ਨੇ ਅਧਿਕਾਰੀਆਂ ਨੂੰ ਹਦਾਇਤ ਦਿੱਤੀ ਕਿ ਅਗਲੇ ਦਿਨਾਂ ਦੌਰਾਨ ਪਰਾਲੀ ਸਾੜਨ ਦੀਆਂ ਘਟਨਾਵਾਂ ਰੋਕਣ ਲਈ ਜ਼ਿਆਦਾ ਤਵੱਜੋ ਦਿੱਤੀ ਜਾਵੇ ਅਤੇ ਅੱਗ ਲਾਉਣ ਦੀਆਂ ਘਟਨਾਵਾਂ ਨੂੰ ਕੰਟਰੋਲ ਕੀਤਾ ਜਾਵੇ। ਉਨਾਂ ਕਿਹਾ ਕਿ ਪਰਾਲੀ ਨੂੰ ਅੱਗ ਲਾਉਣ ਵਾਲੇ ਹਾਟ-ਸਪਾਟਸ 'ਤੇ ਜ਼ਿਆਦਾ ਫ਼ੋਕਸ ਕੀਤਾ ਜਾਵੇ ਅਤੇ ਜਿਨਾਂ ਪਿੰਡਾਂ ਵਿਚ ਪਿਛਲੇ ਸਾਲਾਂ ਦੌਰਾਨ ਨਾੜ ਨੂੰ ਅੱਗ ਲਾਉਣ ਦੇ ਮਾਮਲੇ ਸਾਹਮਣੇ ਆਉਂਦੇ ਰਹੇ ਹਨ, ਉੱਥੇ ਪ੍ਰਸ਼ਾਸ਼ਨ ਜ਼ਿਆਦਾ ਚੌਕਸੀ ਵਰਤੇ। ਇਸ ਦੇ ਨਾਲ ਹੀ ਪਰਾਲੀ ਨੂੰ ਅੱਗ ਲਾਉਣ ਵਾਲੀਆਂ ਥਾਵਾਂ ਦੀ ਨਿੱਜੀ ਅਤੇ ਸੈਟੇਲਾਈਟ ਵੈਰੀਫ਼ਿਕੇਸ਼ਨ ਜ਼ਿਆਦਾ ਪੁਖ਼ਤਗੀ ਨਾਲ ਕੀਤੀ ਜਾਵੇ। ਉਨਾਂ ਪਰਾਲੀ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਦੀ ਨਿੱਜੀ ਅਤੇ ਸੈਟੇਲਾਈਟ ਵੈਰੀਫ਼ਿਕੇਸ਼ਨ ਵਿਧੀ ਰਾਹੀਂ ਗਿਣਤੀ 'ਚ ਵਖਰੇਵੇਂ 'ਤੇ ਚਿੰਤਾ ਜਾਹਰ ਕਰਦਿਆਂ ਕਿਹਾ ਕਿ ਅਧਿਕਾਰੀ ਪੰਜਾਬ ਰਿਮੋਟ ਸੈਂਸਿੰਗ ਸੈਂਟਰ ਵੱਲੋਂ ਆਪਟੀਕਲ ਸੈਟੇਲਾਈਟ ਡਾਟਾ ਵਿਸਲੇਸਨ ਜ਼ਰੀਏ ਹਾਸਲ ਖੇਤਰ 'ਤੇ ਧਿਆਨ ਕੇਂਦਰਿਤ ਕਰਨ।

ਜ਼ਿਲਿਆਂ ਦਾ ਦੌਰਾ ਕਰਕੇ ਆਏ ਸਕੱਤਰ ਇੰਚਾਰਜਾਂ ਨੇ ਮੁੱਖ ਸਕੱਤਰ ਨੂੰ ਜਾਣੂ ਕਰਵਾਇਆ ਕਿ ਸੂਬੇ ਵਿੱਚ ਅੱਗ ਲੱਗਣ ਦੀਆਂ ਘਟਨਾਵਾਂ ਵਿੱਚ ਗਿਰਾਵਟ ਪਾਈ ਜਾ ਰਹੀ ਹੈ। ਉਨਾਂ ਦੱਸਿਆ ਕਿ 27 ਅਕਤੂਬਰ 2021 ਤੱਕ ਪਰਾਲੀ ਸਾੜਨ ਵਾਲਾ ਰਕਬਾ 400.35 ਹਜ਼ਾਰ ਹੈਕਟੇਅਰ ਸੀ, ਜੋ 26 ਅਕਤੂਬਰ 2022 ਤੱਕ ਘਟ ਕੇ 295.60 ਹਜ਼ਾਰ ਹੈਕਟੇਅਰ ਰਹਿ ਗਿਆ ਹੈ।









## ਭਿਆਨਕ ਸੜਕ ਹਾਦਸੇ 'ਚ 7 ਸ਼ਰਧਾਲੂਆਂ ਦੀ ਮੌਤ, ਕਈ ਜ਼ਖਮੀ



ਮਹਾਰਾਸ਼ਟਰ, 31 ਅਕਤੂਬਰ (ਪੋਸਟ ਬਿਊਰੋ)- ਮਹਾਰਾਸ਼ਟਰ 'ਚ ਸੰਘੋਲਾ ਮਿਰਾਜ ਸਾਂਗਲੀ ਹਾਈਵੇ 'ਤੇ ਭਿਆਨਕ ਸੜਕ ਹਾਦਸੇ 'ਚ 6 ਲੋਕਾਂ ਦੀ ਮੌਤ ਹੋ ਗਈ, ਜਦਕਿ ਕਈ ਲੋਕ ਜ਼ਖਮੀ ਹੋ ਗਏ। ਹਾਦਸੇ ਦਾ ਸ਼ਿਕਾਰ ਹੋਏ ਵਿਅਕਤੀ ਧਾਰਮਿਕ ਯਾਤਰਾ 'ਤੇ ਸਨ। ਸਾਰੇ ਸ਼ਰਧਾਲੂ ਕੋਲਹਾਪੁਰ ਤੋਂ ਕਾਰਤਿਕੀ ਯਾਤਰਾ ਲਈ ਪੈਦਲ ਜਾ ਰਹੇ ਸਨ। ਦੱਸਿਆ ਜਾਂਦਾ ਹੈ ਕਿ ਇੱਕ ਤੇਜ਼ ਰਫ਼ਤਾਰ ਵਾਹਨ ਨੇ ਉਨ੍ਹਾਂ ਦੇ ਜਲੂਸ ਨੂੰ ਟੱਕਰ ਮਾਰ ਦਿੱਤੀ। ਇਸ ਹਾਦਸੇ 'ਚ 6 ਸ਼ਰਧਾਲੂਆਂ ਦੀ ਮੌਤ ਹੋ ਗਈ ਜਦਕਿ ਕਈ ਲੋਕ ਜ਼ਖਮੀ ਹੋ ਗਏ। ਸਾਰੇ ਜ਼ਖਮੀਆਂ ਨੂੰ ਇਲਾਜ ਲਈ ਨੇੜੇ ਦੇ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਸਥਾਨਕ ਲੋਕਾਂ ਨੇ ਇਸ ਘਟਨਾ ਦੀ ਸੂਚਨਾ ਪੁਲਸ ਨੂੰ ਦਿੱਤੀ ਹੈ।

ਮੁੱਖ ਮੰਤਰੀ ਨੇ ਮ੍ਰਿਤਕ ਸ਼ਰਧਾਲੂਆਂ ਦੇ ਪਰਿਵਾਰਾਂ ਨੂੰ 5-5 ਲੱਖ ਰੁਪਏ ਦੀ ਸਹਾਇਤਾ ਦੇਣ ਦਾ ਐਲਾਨ ਕੀਤਾ ਹੈ। ਮੁੱਖ ਮੰਤਰੀ ਏਕਨਾਥ ਸ਼ਿੰਦੇ ਨੇ ਹਾਦਸੇ 'ਤੇ ਦੁੱਖ ਪ੍ਰਗਟ ਕੀਤਾ ਹੈ। ਇਸ ਤੋਂ ਇਲਾਵਾ ਮੁੱਖ ਮੰਤਰੀ ਨੇ ਹਰੇਕ ਮ੍ਰਿਤਕ ਦੇ ਪਰਿਵਾਰ ਨੂੰ 5-5 ਲੱਖ ਰੁਪਏ ਦੀ ਤੁਰੰਤ ਸਹਾਇਤਾ ਦੇਣ ਦਾ ਐਲਾਨ ਵੀ ਕੀਤਾ ਹੈ। ਮੁੱਖ ਮੰਤਰੀ ਨੇ ਇਸ ਹਾਦਸੇ ਦੀ ਤੁਰੰਤ ਜਾਂਚ ਦੇ ਨਿਰਦੇਸ਼ ਦਿੱਤੇ ਹਨ।

ਇਸ ਘਟਨਾ ਦੀ ਸੂਚਨਾ ਮਿਲਣ 'ਤੇ ਮੌਕੇ 'ਤੇ ਪਹੁੰਚੀ ਪੁਲਸ ਮਾਮਲੇ ਦੀ ਜਾਂਚ ਕਰ ਰਹੀ ਹੈ। ਸਾਰੇ ਜ਼ਖਮੀਆਂ ਨੂੰ ਪੁਲਸ ਨੇ ਇਲਾਜ ਲਈ ਹਸਪਤਾਲ 'ਚ ਭਰਤੀ ਕਰਵਾਇਆ ਹੈ। ਇਸ ਦੇ ਨਾਲ ਹੀ ਪੁਲਸ ਲਾਸ਼ਾਂ ਦੀ ਪਛਾਣ ਕਰਨ 'ਚ ਲੱਗੀ ਹੋਈ ਹੈ।

## ਰਾਜਧ੍ਰੋਹ ਕਾਨੂੰਨ 'ਤੇ ਰੋਕ ਫਿਲਹਾਲ ਜਾਰੀ ਰਹੇਗੀ, ਮਾਮਲੇ ਦੀ ਸੁਣਵਾਈ ਅਗਲੇ ਸਾਲ ਜਨਵਰੀ 'ਚ ਹੋਵੇਗੀ



ਨਵੀਂ ਦਿੱਲੀ, 31 ਅਕਤੂਬਰ (ਪੋਸਟ ਬਿਊਰੋ)- ਸੁਪਰੀਮ ਕੋਰਟ ਨੇ ਰਾਜਧ੍ਰੋਹ ਕਾਨੂੰਨ 'ਤੇ ਫਿਲਹਾਲ ਰੋਕ ਜਾਰੀ ਰੱਖੀ ਹੋਈ ਹੈ। ਸੋਮਵਾਰ ਨੂੰ ਸੁਣਵਾਈ ਦੌਰਾਨ ਸੁਪਰੀਮ ਕੋਰਟ ਨੇ ਸੁਣਵਾਈ ਟਾਲਣ ਦੀ ਕੇਂਦਰ ਦੀ ਬੇਨਤੀ ਨੂੰ ਸਵੀਕਾਰ ਕਰ ਲਿਆ। ਕੇਂਦਰ ਨੇ ਅਦਾਲਤ 'ਚ ਦਲੀਲ ਦਿੱਤੀ ਕਿ ਸੰਸਦ ਦੇ ਸਰਦ ਰੁੱਤ ਸੈਸ਼ਨ 'ਚ ਇਸ ਮਾਮਲੇ 'ਤੇ ਕੁਝ ਫੈਸਲਾ ਲਿਆ ਜਾ ਸਕਦਾ ਹੈ। ਅਜਿਹੇ 'ਚ ਉਦੋਂ ਤੱਕ ਕੇਂਦਰ ਨੂੰ ਰਾਜਧ੍ਰੋਹ ਕਾਨੂੰਨ 'ਤੇ ਰੋਕ ਲਗਾਉਣ ਦੇ ਸੁਪਰੀਮ ਕੋਰਟ ਦੇ ਹੁਕਮਾਂ ਦੀ ਪਾਲਣਾ ਕਰਨੀ ਪਵੇਗੀ। ਇਸ ਦੇ ਨਾਲ ਹੀ ਉਨ੍ਹਾਂ ਪਟੀਸ਼ਨਾਂ ਵਿੱਚ ਨੋਟਿਸ ਵੀ ਜਾਰੀ ਕੀਤਾ ਗਿਆ ਹੈ, ਜਿਨ੍ਹਾਂ ਵਿੱਚ ਪਹਿਲਾਂ ਨੋਟਿਸ ਜਾਰੀ ਨਹੀਂ ਕੀਤਾ ਗਿਆ ਸੀ। ਕੇਂਦਰ 6 ਹਫ਼ਤਿਆਂ ਵਿੱਚ ਉਨ੍ਹਾਂ ਦਾ ਜਵਾਬ ਦੇਵੇਗਾ। ਸੁਪਰੀਮ ਕੋਰਟ ਅਗਲੇ ਸਾਲ ਜਨਵਰੀ ਦੇ ਦੂਜੇ ਹਫ਼ਤੇ ਇਸ ਮਾਮਲੇ ਦੀ ਮੁੜ ਸੁਣਵਾਈ ਕਰੇਗਾ।

ਸੀਜੇਆਈ ਯੂਯੂ ਲਲਿਤ, ਜਸਟਿਸ ਐਸ ਰਵਿੰਦਰ ਭੱਟ ਅਤੇ ਜਸਟਿਸ ਬੇਲਾ ਐਮ ਤ੍ਰਿਵੇਦੀ ਦੀ ਬੈਂਚ ਭਾਰਤੀ ਦੰਡ ਸੰਹਿਤਾ (ਆਈਪੀਸੀ) ਦੀ ਧਾਰਾ 124ਏ ਦੇ ਖਿਲਾਫ ਪਟੀਸ਼ਨਾਂ 'ਤੇ ਸੁਣਵਾਈ ਕਰ ਰਹੀ ਹੈ। ਸੁਪਰੀਮ ਕੋਰਟ ਨੇ ਮਈ 'ਚ ਰਾਜਧ੍ਰੋਹ ਕਾਨੂੰਨ 'ਤੇ ਰੋਕ ਲਗਾ ਦਿੱਤੀ ਸੀ। ਅਦਾਲਤ ਨੇ ਕੇਂਦਰ ਅਤੇ ਰਾਜ ਸਰਕਾਰਾਂ ਨੂੰ ਰਾਜਧ੍ਰੋਹ ਐਕਟ ਦੀ ਆਈਪੀਸੀ ਦੀ ਧਾਰਾ 124ਏ ਤਹਿਤ ਕੋਈ ਕੇਸ ਦਰਜ ਨਾ ਕਰਨ ਦਾ ਹੁਕਮ ਦਿੱਤਾ ਸੀ। ਅਦਾਲਤ ਨੇ ਸਰਕਾਰ ਨੂੰ ਆਈਪੀਸੀ ਦੀ ਧਾਰਾ 124ਏ ਦੇ ਉਪਬੰਧਾਂ ਦੀ ਸਮੀਖਿਆ ਕਰਨ ਦੀ ਇਜਾਜ਼ਤ ਵੀ ਦਿੱਤੀ ਹੈ। ਹਾਲਾਂਕਿ, ਅਦਾਲਤ ਨੇ ਕਿਹਾ ਕਿ ਜਦੋਂ ਤੱਕ ਰਾਜਧ੍ਰੋਹ ਕਾਨੂੰਨ ਦੀ ਸਮੀਖਿਆ ਨਹੀਂ ਕੀਤੀ ਜਾਂਦੀ, ਸਰਕਾਰਾਂ ਨੂੰ ਧਾਰਾ 124ਏ ਦੇ ਤਹਿਤ ਕੋਈ ਕੇਸ ਦਰਜ ਨਹੀਂ ਕਰਨਾ ਚਾਹੀਦਾ ਜਾਂ ਇਸ ਵਿੱਚ ਕੋਈ ਜਾਂਚ ਨਹੀਂ ਕਰਨੀ ਚਾਹੀਦੀ।

ਸੁਪਰੀਮ ਕੋਰਟ ਨੇ ਕਿਹਾ ਸੀ ਕਿ ਜੇਕਰ ਰਾਜਧ੍ਰੋਹ ਦਾ ਮਾਮਲਾ ਦਰਜ ਕੀਤਾ ਜਾਂਦਾ ਹੈ ਤਾਂ ਉਹ ਧਿਰਾਂ ਅਦਾਲਤ ਤੱਕ ਪਹੁੰਚ ਕਰਨ ਲਈ ਆਜ਼ਾਦ ਹਨ। ਅਦਾਲਤਾਂ ਨੂੰ ਅਜਿਹੇ ਮਾਮਲਿਆਂ ਵਿੱਚ ਤੇਜ਼ੀ ਲਿਆਉਣੀ ਪੈਂਦੀ ਹੈ। ਸੁਣਵਾਈ ਦੌਰਾਨ ਕੇਂਦਰ ਸਰਕਾਰ ਦੀ ਤਰਫੋਂ ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਅਦਾਲਤ ਵਿੱਚ ਪੇਸ਼ ਹੋਏ। ਤੁਸ਼ਾਰ ਮਹਿਤਾ ਨੇ ਕਿਹਾ ਕਿ ਗੰਭੀਰ ਅਪਰਾਧਾਂ ਨੂੰ ਦਰਜ ਹੋਣ ਤੋਂ ਨਹੀਂ ਰੋਕਿਆ ਜਾ ਸਕਦਾ। ਪ੍ਰਭਾਵ ਨੂੰ ਰੋਕਣਾ ਸਹੀ ਪਹੁੰਚ ਨਹੀਂ ਹੋ ਸਕਦਾ। ਇਸ ਲਈ, ਜਾਂਚ ਲਈ ਇੱਕ ਜ਼ਿੰਮੇਵਾਰ ਅਧਿਕਾਰੀ ਹੋਣਾ ਚਾਹੀਦਾ ਹੈ ਅਤੇ ਉਸ ਦੀ ਤਸੱਲੀ ਨਿਆਂਇਕ ਸਮੀਖਿਆ ਦੇ ਅਧੀਨ ਹੈ।

## ਐਂਬੂਲੈਂਸ ਦਾ ਰਸਤੇ ਵਿਚ ਹੀ ਖਤਮ ਹੋਇਆ ਡੀਜ਼ਲ, ਟਾਰਚ ਲਾਈਟ ਹੇਠ ਕਰਨੀ ਪਈ ਡਲਿਵਰੀ

ਨਵੀਂ ਦਿੱਲੀ, 31 ਅਕਤੂਬਰ (ਪੋਸਟ ਬਿਊਰੋ)- ਮੱਧ ਪ੍ਰਦੇਸ਼ 'ਚ ਸਿਹਤ ਵਿਵਸਥਾ ਕਿੰਨੀ ਖਰਾਬ ਹੈ, ਇਸ ਦਾ ਸਬੂਤ ਸ਼ਨੀਵਾਰ ਨੂੰ ਉਸ ਸਮੇਂ ਦੇਖਣ ਨੂੰ ਮਿਲਿਆ, ਜਦੋਂ ਜਣੇਪੇ ਦੇ ਦਰਦ 'ਚ ਇਕ ਗਰਭਵਤੀ ਔਰਤ ਨੂੰ ਹਸਪਤਾਲ ਲਿਜਾਂਦੇ ਸਮੇਂ ਰਸਤੇ 'ਚ ਐਂਬੂਲੈਂਸ ਦਾ ਡੀਜ਼ਲ ਖਤਮ ਹੋ ਗਿਆ। ਮਜਬੂਰਨ ਪੀੜਤ ਪਰਿਵਾਰ ਨੂੰ ਔਰਤ ਦੀ ਡਿਲੀਵਰੀ ਅੱਧ ਵਿਚਾਲੇ ਹੀ ਕਰਵਾਉਣੀ ਪਈ। ਮਾਮਲਾ ਮੱਧ ਪ੍ਰਦੇਸ਼ ਦੇ ਪੰਨਾ ਜ਼ਿਲ੍ਹੇ ਦੇ ਸ਼ਾਹਨਗਰ ਇਲਾਕੇ ਦੇ ਬਨੌਲੀ ਦਾ ਦੱਸਿਆ ਜਾ ਰਿਹਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਘਟਨਾ ਸ਼ੁੱਕਰਵਾਰ ਸ਼ਾਮ ਦੀ ਹੈ। ਜਦੋਂ ਪਿੰਡ ਬਨੌਲੀ ਦੀ ਰਹਿਣ ਵਾਲੀ ਰੇਸ਼ਮਾ ਨੂੰ ਪ੍ਰਸੂਤੀ ਦਾ ਦਰਦ ਹੋਣ ਲੱਗਾ ਤਾਂ ਪਰਿਵਾਰ ਨੇ ਐਮਰਜੈਂਸੀ ਸਹੂਲਤ ਲਈ 108 ਐਂਬੂਲੈਂਸ ਨੂੰ ਫੋਨ ਕੀਤਾ। ਐਂਬੂਲੈਂਸ ਪਿੰਡ ਪਹੁੰਚੀ ਅਤੇ ਔਰਤ ਨੂੰ ਸ਼ਾਹਨਗਰ ਕਮਿਊਨਿਟੀ ਹੈਲਥ ਸੈਂਟਰ ਲੈ ਗਈ। ਪਰ ਇਸ ਤੋਂ ਪਹਿਲਾਂ ਕਿ ਐਂਬੂਲੈਂਸ ਕਮਿਊਨਿਟੀ ਹੈਲਥ ਸੈਂਟਰ ਪਹੁੰਚਦੀ, ਉਸ ਦਾ ਡੀਜ਼ਲ ਰਸਤੇ ਵਿਚ ਹੀ ਖਤਮ ਹੋ ਗਿਆ। ਜਿਸ ਥਾਂ 'ਤੇ ਐਂਬੂਲੈਂਸ ਦਾ ਡੀਜ਼ਲ ਖਤਮ ਹੋਇਆ, ਉਹ ਸੜਕ ਸੁੰਨਸਾਨ ਸੀ।

ਇਸ ਲਈ ਕਿਸੇ ਹੋਰ ਤੋਂ ਮਦਦ ਮੰਗਣੀ ਵੀ ਸੰਭਵ ਨਹੀਂ ਸੀ। ਅਜਿਹੇ 'ਚ ਰੇਸ਼ਮਾ ਦੇ ਦਰਦ ਨੂੰ ਵਧਦਾ ਦੇਖ ਕੇ ਪਰਿਵਾਰ ਨੇ ਰੇਸ਼ਮਾ ਦੀ ਡਿਲੀਵਰੀ ਮੱਧ ਸੜਕ 'ਤੇ ਹੀ ਕਰਵਾਉਣ ਦਾ ਫੈਸਲਾ ਕੀਤਾ। ਰੇਸ਼ਮਾ ਨੇ ਟਾਰਚ ਦੀ ਰੌਸ਼ਨੀ ਵਿੱਚ ਆਪਣੇ ਬੱਚੇ ਨੂੰ ਜਨਮ ਦਿੱਤਾ। ਸੂਬੇ ਵਿੱਚ ਸਿਹਤ ਸੇਵਾਵਾਂ ਦੀ ਦੁਰਦਸ਼ਾ ਸਰਕਾਰ ਦੇ ਸਾਰੇ ਦਾਅਵਿਆਂ ਦੀ ਪੋਲ ਖੋਲ੍ਹਦੀ ਹੈ।

ਮੱਧ ਪ੍ਰਦੇਸ਼ ਵਿੱਚ ਸਿਹਤ ਪ੍ਰਣਾਲੀ ਦੀ ਮਾੜੀ ਅਤੇ ਲਾਚਾਰੀ ਨੂੰ ਦਰਸਾਉਂਦੀ ਇਹ ਕੋਈ ਪਹਿਲੀ ਘਟਨਾ ਨਹੀਂ ਹੈ। ਇਸ ਤੋਂ ਪਹਿਲਾਂ ਕੁਝ ਮਹੀਨੇ ਪਹਿਲਾਂ ਹੀ ਦਬੋਹ ਇਲਾਕੇ 'ਚ ਅਜਿਹਾ ਹੀ ਮਾਮਲਾ ਸਾਹਮਣੇ ਆਇਆ ਸੀ। ਇੱਥੇ ਇੱਕ ਬਜ਼ੁਰਗ ਦੀ ਸਿਹਤ ਵਿਗੜ ਗਈ ਸੀ। ਉਸ ਦਾ ਪਰਿਵਾਰ ਬਜ਼ੁਰਗ ਨੂੰ ਹਸਪਤਾਲ ਲਿਜਾਣ ਲਈ 108 ਐਂਬੂਲੈਂਸ ਨੂੰ ਫੋਨ ਕਰਦਾ ਰਿਹਾ ਪਰ ਐਂਬੂਲੈਂਸ ਨਹੀਂ ਪਹੁੰਚੀ ਸੀ।

## ਅਫਰੀਕੀ ਸੰਗੀਤ ਸਟਾਰ ਫੋਲੇ ਇਪੁਪਾ ਦੇ ਕਾਂਗੋ ਦੇ ਸੰਗੀਤ ਸਮਾਰੋਹ ਵਿੱਚ ਭਗਦੜ, 11 ਦੀ ਮੌਤ



ਕਿਨਸ਼ਾਸਾ, 31 ਅਕਤੂਬਰ (ਪੋਸਟ ਬਿਊਰੋ)- ਕਾਂਗੋ ਲੋਕਤੰਤਰੀ ਗਣਰਾਜ ਦੇ ਕਿਨ-ਸ਼ਾਸਾ ਵਿੱਚ ਐਤਵਾਰ ਨੂੰ ਇੱਕ ਖਚਾਖਚ ਭਰੇ ਸਟੇਡੀਅਮ ਵਿੱਚ ਭਗਦੜ ਮਚਣ ਕਾਰਨ ਦੋ ਪੁਲਿਸ ਅਧਿਕਾਰੀਆਂ ਸਮੇਤ 11 ਲੋਕਾਂ ਦੀ ਮੌਤ ਹੋ ਗਈ। ਭਗਦੜ ਵਿੱਚ ਸੈਂਕੜੇ ਲੋਕਾਂ ਦੇ ਜ਼ਖ਼ਮੀ ਹੋਣ ਦੀ ਖ਼ਬਰ ਹੈ। ਸਟੇਡੀਅਮ 80,000 ਤੋਂ ਵੱਧ ਲੋਕਾਂ ਨਾਲ ਖਚਾਖਚ ਭਰਿਆ ਹੋਇਆ ਸੀ। ਇਵੈਂਟ ਦੌਰਾਨ, ਬੇਨਿਯਮੀਆਂ ਉਸ ਸਮੇਂ ਭੜਕ ਗਈਆਂ ਜਦੋਂ ਭੀੜ ਜ਼ਬਰਦਸਤੀ ਵੀਆਈਪੀ ਅਤੇ ਰਾਖਵੇਂ ਲੋਕਾਂ ਦੇ ਬੈਠਣ ਵਾਲੇ ਸਥਾਨਾਂ ਵਿੱਚ ਦਾਖਲ ਹੋ ਗਈ।

ਇਸ ਤੋਂ ਬਾਅਦ ਇਕਦਮ ਭਗਦੜ ਮੱਚ ਗਈ। ਜਿਸ ਸਟੇਡੀਅਮ ਵਿੱਚ ਭੀੜ ਇਕੱਠੀ ਹੋਈ ਸੀ, ਉਥੇ ਇੱਕ ਅਫਰੀਕਾ ਦੇ ਪ੍ਰਮੁੱਖ ਸੰਗੀਤਕਾਰ 44 ਸਾਲਾ ਫਾਲੀ ਇਪੁਪਾ ਦਾ ਵਿਸ਼ਾਲ ਸੰਗੀਤ ਸਮਾਰੋਹ ਹੋ ਰਿਹਾ ਸੀ। ਹਾਲਾਂਕਿ ਹਫੜਾ-ਦਫੜੀ ਭਰੀ ਭੀੜ ਨੂੰ ਕਾਬੂ ਕਰਨ ਲਈ ਸੁਰੱਖਿਆ ਅਧਿਕਾਰੀਆਂ ਨੇ ਸਟੇਡੀਅਮ ਦੇ ਬਾਹਰ ਅੱਥਰੂ ਗੈਸ ਦੇ ਗੋਲੇ ਛੱਡੇ। ਮੁਸ਼ਕਿਲ ਨਾਲ ਭੀੜ ਉਤੇ ਕਾਬੂ ਪਾਇਆ ਗਿਆ।



## ਮੋਰਬੀ ਪੁਲ ਹਾਦਸੇ 'ਚ ਭਾਜਪਾ ਸੰਸਦ ਮੈਂਬਰ ਦੇ ਪਰਿਵਾਰ ਦੇ 12 ਲੋਕਾਂ ਦੀ ਮੌਤ



ਨਵੀਂ ਦਿੱਲੀ, 31 ਅਕਤੂਬਰ (ਪੋਸਟ ਬਿਊਰੋ)- ਗੁਜਰਾਤ ਦੇ ਮੋਰਬੀ ਵਿੱਚ ਹੋਏ ਪੁਲ ਹਾਦਸੇ ਵਿੱਚ ਹੁਣ ਤੱਕ 134 ਲੋਕਾਂ ਦੇ ਮਾਰੇ ਜਾਣ ਦੀ ਪੁਸ਼ਟੀ ਹੋ ਚੁੱਕੀ ਹੈ। ਰਾਜਕੋਟ ਤੋਂ ਭਾਜਪਾ ਸੰਸਦ ਮੋਹਨ ਭਾਈ ਕੁੰਡਾਰੀਆ ਦੇ ਪਰਿਵਾਰਕ ਮੈਂਬਰ ਵੀ ਮਰਨ ਵਾਲਿਆਂ ਵਿੱਚ ਸ਼ਾਮਲ ਹਨ। ਇਸ ਦਰਦਨਾਕ ਹਾਦਸੇ ਵਿੱਚ ਉਨ੍ਹਾਂ ਦੇ ਪਰਿਵਾਰ ਦੇ 12 ਮੈਂਬਰਾਂ ਦੀ ਜਾਨ ਚਲੀ ਗਈ ਹੈ।

ਕੁੰਡਾਰੀਆ ਨੇ ਕਿਹਾ ਕਿ ਉਸ ਦੇ ਪਰਿਵਾਰ ਦੇ 12 ਪੀੜਤਾਂ ਵਿੱਚ ਪੰਜ ਬੱਚੇ, ਚਾਰ ਔਰਤਾਂ ਅਤੇ ਤਿੰਨ ਪੁਰਸ਼ ਸ਼ਾਮਲ ਹਨ, ਜੋ ਉਸ ਦੇ ਵੱਡੇ ਭਰਾ ਦੇ ਸਾਰੇ ਨਜ਼ਦੀਕੀ ਰਿਸ਼ਤੇਦਾਰ ਹਨ। ਉਨ੍ਹਾਂ ਕਿਹਾ ਕਿ ਹਾਦਸੇ ਲਈ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਕੁੰਡਾਰੀਆ ਨੇ ਦੱਸਿਆ, "ਮੇਰੇ ਵੱਡੇ ਭਰਾ ਦੇ ਸਾਲੇ ਦੀਆਂ ਚਾਰ ਧੀਆਂ, ਉਨ੍ਹਾਂ ਵਿੱਚੋਂ ਤਿੰਨ ਦਾ ਪਤੀ ਅਤੇ ਪੰਜ ਬੱਚੇ ਇਸ ਹਾਦਸੇ ਵਿੱਚ ਮਾਰੇ ਗਏ। ਉਹ ਟੰਕਾਰਾ ਤਾਲੁਕਾ ਦੇ ਵੱਖ-ਵੱਖ ਪਿੰਡਾਂ ਨਾਲ ਸਬੰਧਤ ਸਨ ਅਤੇ ਮੋਰਬੀ ਵਿੱਚ ਰਹਿਣ ਲੱਗ ਪਏ ਸਨ। ਐਤਵਾਰ ਹੋਣ ਕਾਰਨ ਉਹ ਸੈਰ ਕਰਨ ਗਏ ਸਨ। ਉਹ ਉਥੇ ਸਨ, ਜਿੱਥੇ ਇਹ ਹਾਦਸਾ ਵਾਪਰਿਆ। ਮੈਂ ਘਟਨਾ ਦੇ ਅੱਧੇ ਘੰਟੇ ਬਾਅਦ ਉੱਥੇ ਪਹੁੰਚ ਗਿਆ ਅਤੇ ਕੱਲ੍ਹ ਤੋਂ ਬਚਾਅ ਕਾਰਜਾਂ ਵਿੱਚ ਮਦਦ ਕਰ ਰਿਹਾ ਹਾਂ। ਇਸ ਘਟਨਾ ਲਈ ਜ਼ਿੰਮੇਵਾਰ ਲੋਕਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਾਂਗੇ। ਪੁਲ ਡਿੱਗਣ ਤੋਂ ਬਾਅਦ ਗੁਜਰਾਤ ਦੇ ਮੁੱਖ ਮੰਤਰੀ ਭੂਪੇਂਦਰ ਪਟੇਲ ਮੋਰਬੀ ਘਟਨਾ ਡੇਰੇ ਲਾ ਰਹੇ ਹਨ।

## ਮੋਬਾਈਲ ਕੰਪਨੀ ਦੇ ਦੋ ਕਰਮਚਾਰੀਆਂ ਨੂੰ ਕੁੱਟ-ਕੁੱਟ ਕੇ ਮਾਰ ਦਿੱਤਾ

ਕਰਾਚੀ, 31 ਅਕਤੂਬਰ (ਪੋਸਟ ਬਿਊਰੋ)- ਪਾਕਿਸਤਾਨ ਦੇ ਕਰਾਚੀ ਵਿੱਚ ਇੱਕ ਮੋਬਾਈਲ ਕੰਪਨੀ ਦੇ ਦੋ ਕਰਮਚਾਰੀਆਂ ਨੂੰ ਭੀੜ ਨੇ ਅਗਵਾਕਾਰ ਹੋਣ ਦੇ ਸ਼ੱਕ ਵਿੱਚ ਕੁੱਟ-ਕੁੱਟ ਕੇ ਮਾਰ ਦਿੱਤਾ। ਇਹ ਘਟਨਾ ਪਾਕਿਸਤਾਨ ਦੇ ਵਪਾਰਕ ਕੇਂਦਰ ਕਰਾਚੀ ਦੀ ਮੱਛਰ ਕਾਲੋਨੀ 'ਚ ਸ਼ੁੱਕਰਵਾਰ ਦੁਪਹਿਰ ਨੂੰ ਵਾਪਰੀ। ਕੀਮਾੜੀ ਦੇ ਸੀਨੀਅਰ ਪੁਲਿਸ ਕਪਤਾਨ (ਐਸਐਸਪੀ) ਫਿਦਾ ਹੁਸੈਨ ਜਾਨ ਨੇ ਦੱਸਿਆ ਕਿ ਮੋਬਾਈਲ ਕੰਪਨੀ ਦੇ ਦੋ ਕਰਮਚਾਰੀ ਸਿਗਨਲ ਲਈ ਐਂਟੀਨਾ ਦੀ ਜਾਂਚ ਕਰਨ ਲਈ ਖੇਤਰ ਵਿੱਚ ਗਏ ਸਨ।

ਪੁਲਿਸ ਨੇ ਕਿਹਾ ਕਿ ਉਨ੍ਹਾਂ ਨੇ ਦੋਨਾਂ ਕਰਮਚਾਰੀਆਂ ਦੀ ਲਿੰਚਿੰਗ ਦੇ ਸਬੰਧ ਵਿੱਚ ਦੋ ਸ਼ੱਕੀਆਂ ਨੂੰ ਗ੍ਰਿਫਤਾਰ ਕੀਤਾ ਹੈ। ਇਨ੍ਹਾਂ ਲੋਕਾਂ 'ਤੇ ਭੀੜ ਨੂੰ ਭੜਕਾਉਣ ਦਾ ਦੋਸ਼ ਹੈ। ਐਸਐਸਪੀ ਨੇ ਕਿਹਾ, "ਅਸੀਂ ਅੱਠ ਹੋਰਾਂ ਦੀ ਪਛਾਣ ਕੀਤੀ ਹੈ। ਅਸੀਂ ਇਲਾਕੇ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਦੀ ਜਾਂਚ ਕਰਾਂਗੇ। ਹੋਰ ਸ਼ੱਕੀਆਂ ਨੂੰ ਫੜਨ ਲਈ ਗਵਾਹਾਂ ਤੋਂ ਪੁੱਛਗਿੱਛ ਕੀਤੀ ਜਾਵੇਗੀ।"

ਉਨ੍ਹਾਂ ਕਿਹਾ, "ਜਿਵੇਂ ਹੀ ਇੱਕ ਮੋਬਾਈਲ ਕੰਪਨੀ ਦੇ ਦੋ ਕਰਮਚਾਰੀ ਆਪਣੀ ਕਾਰ ਵਿੱਚ ਇਲਾਕੇ ਵਿੱਚ ਪਹੁੰਚੇ ਤਾਂ ਕੁਝ ਲੋਕਾਂ ਨੇ ਰੌਲਾ ਪਾਉਣਾ ਸ਼ੁਰੂ ਕਰ ਦਿੱਤਾ ਅਤੇ ਅਫਵਾਹਾਂ ਫੈਲਾਉਣੀਆਂ ਸ਼ੁਰੂ ਕਰ ਦਿੱਤੀਆਂ ਕਿ ਉਹ ਅਗਵਾਕਾਰ ਹਨ, ਜੋ ਬੱਚਿਆਂ ਨੂੰ ਅਗਵਾ ਕਰਨ ਆਏ ਹਨ।" ਅਧਿਕਾਰੀ ਨੇ ਦੱਸਿਆ ਕਿ ਹਾਲ ਹੀ ਵਿੱਚ ਇਲਾਕੇ ਵਿੱਚੋਂ ਬੱਚਿਆਂ ਦੇ ਲਾਪਤਾ ਹੋਣ ਤੋਂ ਬਾਅਦ ਸਥਿਤੀ ਤਣਾਅਪੂਰਨ ਹੋ ਗਈ ਸੀ।

ਪੁਲਸ ਦੀ ਸ਼ੁਰੂਆਤੀ ਜਾਂਚ ਮੁਤਾਬਕ ਅਫਵਾਹ ਤੋਂ ਬਾਅਦ ਕਰੀਬ 500 ਲੋਕਾਂ ਦੀ ਭੀੜ ਇਕੱਠੀ ਹੋ ਗਈ। ਪੁਲਿਸ ਸਰਜਨ ਡਾ. ਸੁਮਈਆ ਸਈਦ ਨੇ ਕਿਹਾ, "ਜਦੋਂ ਦੋਨਾਂ ਕਰਮਚਾਰੀਆਂ ਨੂੰ ਹਸਪਤਾਲ ਲਿਆਂਦਾ ਗਿਆ, ਉਹ ਪਹਿਲਾਂ ਹੀ ਮਰ ਚੁੱਕੇ ਸਨ। ਉਸ ਨੂੰ ਗੰਭੀਰ ਸੱਟਾਂ ਲੱਗੀਆਂ ਸਨ ਅਤੇ ਉਸ ਦੇ ਸਿਰ 'ਤੇ ਕਈ ਫਰੈਕਚਰ ਸਨ। ਸਈਦ ਨੇ ਦੱਸਿਆ ਕਿ ਮੋਬਾਈਲ ਕੰਪਨੀ ਦੇ ਦੋਵਾਂ ਕਰਮਚਾਰੀਆਂ ਦਾ ਪੋਸਟਮਾਰਟਮ ਪੂਰਾ ਹੋ ਗਿਆ ਹੈ ਅਤੇ ਉਨ੍ਹਾਂ ਦੇ ਚਿਹਰੇ ਅਤੇ ਸਰੀਰ 'ਤੇ ਸੱਟਾਂ ਦੇ ਨਿਸ਼ਾਨ ਸਨ।

## ਘਰ ਦੇ ਦਰਵਾਜ਼ੇ ਨੂੰ ਗੁਲਾਬੀ ਪੇਂਟ ਕਰਨ 'ਤੇ ਔਰਤ ਨੂੰ 19 ਲੱਖ ਦਾ ਜੁਰਮਾਨਾ



ਸਕਾਟਲੈਂਡ, 31 ਅਕਤੂਬਰ (ਪੋਸਟ ਬਿਊਰੋ)- ਇਕ ਔਰਤ ਨੂੰ ਆਪਣੇ ਘਰ ਦੇ ਦਰਵਾਜ਼ੇ ਨੂੰ ਗੁਲਾਬੀ ਰੰਗ ਕਰਨ ਲਈ 19 ਲੱਖ ਰੁਪਏ ਦਾ ਜੁਰਮਾਨਾ ਲਗਾਇਆ ਗਿਆ ਹੈ। ਇਹ ਘਟਨਾ ਸਕਾਟਲੈਂਡ ਦੀ ਹੈ ਅਤੇ ਇਹ ਗੁਲਾਬੀ ਰੰਗ ਜਾਰਜੀਅਨ ਘਰ ਨਾਲ ਵੀ ਮੇਲ ਖਾਂਦਾ ਸੀ, ਉਸ ਸਮੇਂ ਇਹ ਰੰਗ ਵੀ ਬਹੁਤ ਮਸ਼ਹੂਰ ਸੀ। ਸਕਾਟਲੈਂਡ ਦੇ ਐਡਿਨਬਰਗ ਵਿੱਚ ਇੱਕ ਔਰਤ ਨੂੰ ਚੇਤਾਵਨੀ ਦਿੱਤੀ ਗਈ ਸੀ ਕਿ ਜੇਕਰ ਉਸਨੇ ਦਰਵਾਜ਼ੇ ਦਾ ਰੰਗ ਨਹੀਂ ਬਦਲਿਆ ਤਾਂ ਉਸਨੂੰ £20,000 ਦਾ ਜੁਰਮਾਨਾ ਕੀਤਾ ਜਾਵੇਗਾ।

ਐਡਿਨਬਰਗ ਦੇ ਨਿਊ ਟਾਊਨ ਇਲਾਕੇ 'ਚ ਰਹਿਣ ਵਾਲੀ 48 ਸਾਲਾ ਮਿਰਾਂਡਾ ਡਿਕਸਨ ਨੇ ਪਿਛਲੇ ਸਾਲ ਵੀ ਆਪਣੇ ਘਰ ਦੇ ਦਰਵਾਜ਼ੇ ਨੂੰ ਗੁਲਾਬੀ ਰੰਗ 'ਚ ਪੇਂਟ ਕੀਤਾ ਸੀ ਪਰ ਸਿਟੀ ਕੌਂਸਲ ਦੇ ਯੋਜਨਾਕਾਰਾਂ ਨੇ ਨਵੇਂ ਰੰਗ 'ਤੇ ਇਤਰਾਜ਼ ਜਤਾਇਆ ਅਤੇ ਇਸ 'ਤੇ ਚਿੱਟੇ ਗਲਾਸ ਨਾਲ ਪੇਂਟ ਕਰਨ 'ਤੇ ਜ਼ੋਰ ਦਿੱਤਾ। ਹਾਲਾਂਕਿ ਇਸ ਔਰਤ ਦਾ ਕਹਿਣਾ ਹੈ ਕਿ ਉਸ ਦੇ ਦਰਵਾਜ਼ੇ ਖਿਲਾਫ ਇਹ ਸ਼ਿਕਾਇਤ ਮਾੜੀ ਨੀਅਤ ਨਾਲ ਕੀਤੀ ਗਈ ਸੀ।

ਦੋ ਬੱਚਿਆਂ ਦੀ ਮਾਂ ਨੂੰ ਇਹ ਘਰ 2019 ਵਿੱਚ ਉਸਦੇ ਮਾਤਾ-ਪਿਤਾ ਤੋਂ ਮਿਲਿਆ ਸੀ ਅਤੇ ਉਨ੍ਹਾਂ ਨੇ ਦੋ ਸਾਲ ਇਸ ਦੀ ਮੁਰੰਮਤ ਕਰਨ ਵਿੱਚ ਬਿਤਾਏ। ਅੰਤਿਮ ਛੋਹਾਂ ਦੇਣ ਲਈ, ਉਸਨੇ ਅਗਲੇ ਦਰਵਾਜ਼ੇ ਨੂੰ ਗੁਲਾਬੀ ਰੰਗ ਵਿੱਚ ਪੇਂਟ ਕੀਤਾ। ਉਸ ਨੇ ਦੱਸਿਆ ਕਿ "ਯੂਕੇ ਵਿੱਚ ਬ੍ਰਿਸਟਲ, ਨੌਟਿੰਗ ਹਿੱਲ ਅਤੇ ਹੈਰੋਗੇਟ ਦੇ ਦਰਵਾਜ਼ੇ ਰੰਗੀਨ ਹਨ ਅਤੇ ਘਰ ਵਾਪਸ ਆਉਣ 'ਤੇ ਸਾਹਮਣੇ ਦਾ ਦਰਵਾਜ਼ਾ ਮੈਨੂੰ ਖੁਸ਼ ਕਰਦਾ ਹੈ। ਮੈਨੂੰ ਇਸ 'ਤੇ ਮਾਣ ਹੈ।"


ਇਹ ਦਰਵਾਜ਼ਾ ਸੋਸ਼ਲ ਮੀਡੀਆ ਉਪਭੋਗਤਾਵਾਂ ਵਿੱਚ ਪ੍ਰਸਿੱਧ ਹੈ। ਕਈ ਇੰਸਟਾਗ੍ਰਾਮ ਯੂਜ਼ਰਸ ਨੇ ਇਸ ਦਰਵਾਜ਼ੇ ਦੇ ਸਾਹਮਣੇ ਤਸਵੀਰਾਂ ਖਿੱਚੀਆਂ ਹਨ। ਪਰ ਐਡਿਨਬਰਗ ਦੀ ਸਿਟੀ ਕੌਂਸਲ ਨੇ ਨਵੇਂ ਰੰਗ 'ਤੇ ਇਤਰਾਜ਼ ਜਤਾਇਆ ਹੈ ਅਤੇ ਦਰਵਾਜ਼ੇ ਨੂੰ ਚਿੱਟਾ ਰੰਗ ਦੇਣ ਦਾ ਹੁਕਮ ਦਿੱਤਾ ਹੈ।

## ਟਵਿੱਟਰ ਦੇ ਨਵੇਂ ਮਾਲਕ ਐਲਨ ਮਸਕ ਨੇ ਦਿੱਤਾ 'ਖੁੱਲ੍ਹ ਕੇ ਜੀਓ' ਦਾ ਸੰਦੇਸ਼



ਨਿਊਯਾਰਕ, 31 ਅਕਤੂਬਰ (ਪੋਸਟ ਬਿਊਰੋ)- ਅਰਬਪਤੀ ਕਾਰੋਬਾਰੀ ਐਲੋਨ ਮਸਕ ਨੇ ਸੋਸ਼ਲ ਮੀਡੀਆ ਪਲੇਟਫਾਰਮ ਟਵਿੱਟਰ ਦੇ ਨਵੇਂ ਮਾਲਕ ਬਣਨ ਤੋਂ ਬਾਅਦ ਲੰਬੇ ਸਮੇਂ ਤੋਂ ਚਰਚਿਤ ਐਕਵਾਇਰ ਨੂੰ ਪੂਰਾ ਕਰ ਲਿਆ ਹੈ, ਉਨ੍ਹਾਂ ਨੇ ਆਪਣੇ ਟਵੀਟ 'ਚ 'ਖੁੱਲ੍ਹ ਕੇ ਜੀਓ' ਦਾ ਸੰਦੇਸ਼ ਦਿੱਤਾ ਹੈ। ਦੁਨੀਆ ਦੇ ਸਭ ਤੋਂ ਅਮੀਰ ਵਿਅਕਤੀ, ਮਸਕ ਨੇ 44 ਬਿਲੀਅਨ ਅਮਰੀਕੀ ਡਾਲਰ ਵਿੱਚ ਟਵਿੱਟਰ ਹਾਸਲ ਕੀਤਾ ਹੈ। ਜਿਵੇਂ ਹੀ ਸੌਦਾ ਪੂਰਾ ਹੋਇਆ, ਉਸਨੇ ਟਵਿੱਟਰ ਦੇ ਭਾਰਤੀ ਮੂਲ ਦੇ ਮੁੱਖ ਕਾਰਜਕਾਰੀ ਅਧਿਕਾਰੀ (ਸੀ.ਈ.ਓ.) ਪਰਾਗ ਅਗਰਵਾਲ ਅਤੇ ਚੋਟੀ ਦੇ ਕਾਨੂੰਨੀ ਮਾਮਲਿਆਂ ਦੀ ਅਧਿਕਾਰੀ ਵਿਜੇ ਗੱਡੇ ਨੂੰ ਅਹੁਦੇ ਤੋਂ ਹਟਾ ਦਿੱਤਾ।

ਮਸਕ, ਟਵਿੱਟਰ ਦੇ ਨਵੇਂ ਮਾਲਕ ਵਜੋਂ, ਸ਼ੁੱਕਰਵਾਰ ਦੀ ਸਵੇਰ ਨੂੰ ਇੱਕ ਟਵੀਟ ਪੋਸਟ ਕੀਤਾ ਜਿਸ ਵਿੱਚ 'ਲੈਟ ਦੀ ਗੁਡ ਟਾਈਮ ਰੋਲ' ਦੀ ਵਰਤੋਂ ਕੀਤੀ ਗਈ ਸੀ। ਇਸ ਤਰ੍ਹਾਂ ਉਨ੍ਹਾਂ ਨੇ ਟਵਿਟਰ ਦੇ ਯੂਜ਼ਰਸ ਨੂੰ ਖੁੱਲ੍ਹ ਕੇ ਰਹਿਣ ਦੀ ਸਲਾਹ ਦਿੱਤੀ। ਅਖ਼ਬਾਰ 'ਨਿਊਯਾਰਕ ਟਾਈਮਜ਼' ਮੁਤਾਬਕ ਮਸਕ ਨੇ ਵੀਰਵਾਰ ਨੂੰ ਟਵਿਟਰ ਨੂੰ ਖਰੀਦਣ ਲਈ 44 ਅਰਬ ਅਮਰੀਕੀ ਡਾਲਰ ਦਾ ਸੌਦਾ ਪੂਰਾ ਕੀਤਾ। ਸੌਦਾ ਪੂਰਾ ਹੋਣ ਤੋਂ ਬਾਅਦ, 51 ਸਾਲਾ ਮਸਕ ਨੇ ਟਵੀਟ ਕੀਤਾ: "ਪੰਛੀ ਆਜ਼ਾਦ ਹੋ ਗਿਆ ਹੈ।"






# ਗੁਰੂ ਨਾਨਕ ਦਾ ਅਸਲੀ ਗੁਰ-ਪੁਰਬ ਦਿਹਾੜਾ ਕਿਹੜਾ ?

ਸਾਰੇ ਸਿੱਖ ਸਮਾਜ ਨੇ, ਦਿੱਲੀ ਅਤੇ ਅੰਮ੍ਰਿਤਸਰ ਕਮੇਟੀ ਨੇ, ਟੀ.ਵੀ ਅਤੇ ਰੇਡੀਓ ਵਾਲਿਆਂ ਨੇ, ਬਾਹਰਲੇ ਮੁਲਕਾਂ ਵਾਲੇ ਗੁਰਦਵਾਰਿਆਂ ਤੇ ਸੱਜਣਾਂ ਮਿਤਰਾਂ ਅਤੇ ਨਾ-ਵਾਕਫ ਲੋਕਾਂ ਨੇ ਵੀ ਇਕ ਦੂਜੇ ਨੂੰ ਗੁਰਪੁਰਬ ਦੀਆਂ ਵਧਾਈਆਂ ਦਿੱਤੀਆਂ। ਅਤਸ਼ਬਾਜ਼ੀ ਚਲਾਈ ਗਈ, ਵਾਤਾਵਰਣ ਖਰਾਬ ਕੀਤਾ ਗਿਆ, ਅਖੰਡ-ਪਾਠ ਖੋਲ੍ਹੇ ਗਏ, ਕੀਤੇ ਗਏ ਅਤੇ ਕਰਾਏ ਗਏ, ਹੋਰ ਲੁੱਟ ਲਈ ਸੰਪਟ-ਪਾਠ ਵੀ ਕੀਤੇ ਗਏ, ਪ੍ਰਸ਼ਾਦ ਵੰਡਿਆ ਗਿਆ ਤੇ ਖਾਧਾ ਗਿਆ, ਲੰਗਰ ਲਾਏ ਗਏ ਤੇ ਖਾਧੇ ਗਏ, ਟਕਸਾਲੀਆਂ ਨੇ 18-18 ਮੀਟਰ ਦੇ ਕਛਿਹਰੇ ਸਿਵਾਏ ਤੇ ਵੰਡੇ, ਨਾਨਕਸਰੀਆਂ ਦੀ ਝੂਠ ਦੀ ਦੁਕਾਨ ਨੇ ਤਾਂ ਹੱਦ ਹੀ ਕਰ ਦਿੱਤੀ ਜਦੋਂ ਬਾਬੇ ਨੰਦ ਸਿੰਘ ਦੀ ਆਦਮ ਕੱਦ ਦੀ ਫੋਟੋ ਦੀ ਪੂਜਾ ਕੀਤੀ ਗਈ, ਕਵਿਤਾਵਾਂ ਤੇ ਲੇਖ ਵੀ ਪੜ੍ਹੇ ਗਏ ਪਰ ਕੀ ਕਿਸੇ ਨੇ ਹੌਸਲੇ ਨਾਲ ਇਹ ਗੱਲ ਵੀ ਕਰਨ ਦੀ ਕੋਸ਼ਿਸ਼ ਕੀਤੀ ਕਿ ਅੱਜ ਬਾਬਾ ਜੀ ਦਾ ਜਨਮ ਦਿਨ ਨਹੀਂ? ਰਸਮੋ ਰਸਮੀ ਮੇਰੇ ਇਕ ਜਾਣਕਾਰ ਮਿੱਤਰ ਰੇਡੀਓ ਵਾਲੇ ਨੇ ਵੀ 'ਸਿਰੀ ਅਖੰਡ-ਪਾਠ ਸਾਹਿਬ ਜੀ' ਦਾ ਰੇਡੀਓ ਤੋਂ ਸਿੱਧਾ ਪ੍ਰਸਾਰਣ ਕੀਤਾ, ਕਿਉਂਕਿ ਇਹ ਉਸਦਾ ਵਪਾਰ ਹੈ। ਪਰ ਕੀ ਖੱਟਿਆ ਕੀ ਕਮਾਇਆ ਇਸ ਬਾਰੇ ਸ਼ਾਇਦ ਹੀ ਕਿਸੇ ਸਿਆਣੇ ਵਿਅਕਤੀ ਨੇ ਸੋਚਿਆ ਹੋਵੇ। ਕਿਉਂਕਿ 'ਜਸਵੰਤ ਜਫਰ' ਜੀ ਦੀ ਕਵਿਤਾ ਮੁਤਾਬਕ ਤਾਂ ਅਸੀਂ ਅਸਲੀ ਨਾਨਕ ਦਾ ਧਿਆਨ ਧਰਨ ਤੋਂ ਵੀ ਡਰਦੇ ਹਾਂ, ਨਾਨਕ ਤੋਂ ਸਿੱਖਿਆ ਲੈਣੀ ਤਾਂ ਦੂਰ ਦੀ ਗੱਲ ਹੈ।

ਜਸਵੰਤ ਜਫਰ ਜੀ ਲਿਖਦੇ ਹਨ, "ਲੰਬੇ ਪੈਂਡੇ ਦੀ ਧੂੜ ਨਾਲ ਲੱਥ-ਪੱਥ ਪਿੰਜਣੀਆਂ, ਲੰਮੇ ਸਫਰ ਕਰਕੇ ਪਾਟੀਆਂ ਅੱਡੀਆਂ, ਹਨੇਰੀ ਨਾਲ ਉਲਝੀ ਹੋਈ ਖੁਸ਼ਕ ਦਾਹੜੀ, ਬਰਫੀਲੀਆਂ ਹਵਾਵਾਂ ਨਾਲ ਝੰਬੀ ਹੋਈ ਚਿਹਰੇ ਦੀ ਪਕਰੋੜ ਚਮੜੀ 'ਤੇ ਪਕਰੋੜ ਚਮੜੀ ਵਿਚ ਉਭਰੀਆਂ ਹੋਈਆਂ ਦੋ ਉੱਚੀਆਂ ਹੱਡੀਆਂ, ਉੱਚੀਆਂ ਹੱਡੀਆਂ ਵਿਚ ਬੇਖੌਫ ਚਮਕਦੀਆਂ ਦੋ ਅੱਖਾਂ ਜੋ ਸਮਾਜ ਨੂੰ, ਸਰਕਾਰ ਨੂੰ 'ਤੇ ਹਰ ਕਿਸਮ ਦੇ ਰੀਤੀ ਰਵਾਜ ਨੂੰ ਟਿੱਚ ਕਰਕੇ ਜਾਣਦੀਆਂ ਹਨ। ਇਨ੍ਹਾਂ ਖਤਰਨਾਕ ਅੱਖਾਂ ਦਾ ਧਿਆਨ ਧਰਨਾ ਸਾਨੂੰ ਮਾਫਕ ਨਹੀਂ। ਸਾਨੂੰ ਤਾਂ ਸੋਭਾ ਸਿੰਘੀ ਬਾਬਾ, ਜਿਸਦੇ ਲਕਸ਼ਮੀ ਦੇਵੀ ਵਾਂਗੂ ਲਾਲ ਸੁਰਖ ਟਿਪਸੀ ਹੋਠ, ਗੋਲ ਮਟੋਲ ਮੁਲਾਇਮ ਗੱਲ੍ਹਾਂ, ਰੇਸ਼ਮੀ ਬਸਤਰ ਤੇ ਬਖਸ਼ਿਸ਼ਾਂ ਦਿੰਦਾ ਅਰਸ਼ੀ ਹੱਥ ਹੀ ਪਸੰਦ ਹੈ। ਸਾਨੂੰ ਤਾਂ ਚਾਹੀਦੀਆਂ ਹਨ ਦਾਤਾਂ ਤੇ ਵੱਧਦੀਆਂ ਵੇਲਾਂ, ਸੁੱਖ ਸ਼ਾਂਤੀ ਤੇ ਪੈਸਾ।

ਅਸਲੀ ਨਾਨਕ ਸਾਡੇ ਵਾਸਤੇ ਖਤਰਨਾਕ ਸਿੱਧ ਹੋ ਸਕਦਾ ਹੈ, ਸਾਡੇ ਘਰ ਢੁਆ ਸਕਦਾ ਹੈ ਤੇ ਨਾਲੇ ਪੁੱਤ ਮਰਵਾ ਸਕਦਾ ਹੈ" । ਕਤਕ ਦੀ ਪੂਰਨਮਾਸ਼ੀ ਨੂੰ ਗੁਰਪੁਰਬ ਮਨਾਉਣਾ ਇਹ ਸਾਬਤ ਕਰਦਾ ਹੈ ਕਿ ਗੁਰੂ ਨਾਨਕ ਪਿਤਾ ਦੇ ਅਕਾਲ ਚਲਾਣਾ ਕਰਨ ਤੋਂ 120 ਸਾਲ ਬਾਅਦ ਲਿਖੀ ਗਈ ਭਾਈ ਬਾਲੇ ਵਾਲੀ ਸਾਖੀ, ਜਿਸ ਨੂੰ ਪ੍ਰੋ. ਐਸ.ਐਸ. ਪਦਮ ਜੀ 'ਬਾਲਾ ਬਲੱਫ' ਦਾ ਨਾਮ ਦਿੰਦੇ ਹਨ, ਵਿਚ ਫਸੇ ਹੋਏ ਹੀ ਅਸੀਂ ਧੰਦਾ ਪਿਟ ਰਹੇ ਹਾਂ। ਗੁਰੂ ਨਾਨਕ ਵਾਕ: "ਧੰਧਾ ਪਿਟਿਹੁ ਭਾਈਹੋ ਤੁਮ੍ ਕੂੜ ਕਮਾਵਹੁ"॥ 'ਜੰਡਿਆਲਾ ਗੁਰੂ ਕਾ' ਦਾ ਮਸੰਦ ਹੰਦਾਲ, ਜਿਸਦਾ ਜਨਮ ਵੈਸਾਖ ਪੂਰਨਮਾਸ਼ੀ ਸੰਮਤ 1630 ਹੈ, ਦੀ ਮੌਤ ਤੋਂ ਬਾਅਦ ਉਸ ਦੀ ਉਲਾਦ ਬਾਲ ਚੰਦ ਅਤੇ ਬਿਧੀ ਚੰਦ ਹੀ ਇਸ ਕੂੜ ਦੇ ਪੋਥੇ ਦੇ ਘੜਨਹਾਰੇ ਹਨ। ਬਾਲ ਚੰਦ ਦੀ ਮੌਤ ਤੋਂ ਬਾਅਦ ਛੋਟੇ ਭਾਈ ਬਿਧੀ ਚੰਦ ਨੇ ਹੀ ਅਸਲ 'ਚ ਆਪਣੇ ਵੱਡੇ ਭਰਾ ਬਾਲ ਚੰਦ ਨੂੰ ਭਾਈ ਬਾਲਾ ਬਣਾ ਕੇ ਗੁਰੂ ਨਾਨਕ ਦਾ ਸਮਕਾਲੀ ਤੇ ਹਮਸਫਰੀ ਬਣਾ ਕੇ ਸਾਰਾ ਕਾਰਾ ਕੀਤਾ। ਲਿਖਾਰੀ ਹੈ ਗੋਰਖ ਦਾਸ ਤੇ ਸਲਾਹਕਾਰ ਹੈ ਲਾਲਾ ਪੰਨੂੰ ਜਿਨ੍ਹਾਂ ਨੇ ਰੜੇ ਲਹੌਰ ਵਿਚ ਇਹ ਜਨਮ ਸਾਖੀ ਤਿਆਰ ਕੀਤੀ ਅਤੇ ਓਸ ਵੇਲੇ ਕਰੋੜਾਂ ਰੁਪੈ ਦੀ ਲਾਗਤ ਨਾਲ ਸਾਰੇ ਮਹੱਤਵ ਪੂਰਨ ਸਿੱਖ ਧਰਮ ਅਸਥਾਨਾਂ 'ਤੇ 28-28 ਰੰਗੀਨ ਚਿੱਤਰਾਂ ਨਾਲ ਸ਼ਿੰਗਾਰ ਕੇ "ਜਨਮ ਸਾਖੀ ਭਾਈ ਬਾਲਾ" ਭੇਜੀ ਗਈ ਅਤੇ ਜੋ ਵੀ ਪੁਰਾਣੀਆਂ ਜਨਮ ਸਾਖੀਆਂ, ਉਪਲੱਬਧ ਹੋਈਆਂ, ਨੂੰ ਨਸ਼ਟ ਕਰਨ ਦਾ ਜ਼ਿੰਮਾ ਵੀ ਆਪਣੇ ਸਿਰ ਲਿਆ।

ਅਸਲ ਨੂੰ ਨਸ਼ਟ ਕਰਨ ਨਾਲ ਹੀ ਨਕਲ ਟਿਕ ਸਕਦਾ ਹੈ। ਬਾਲਾ-2 ਰੂਪਾਂਤਰ ਵਾਲੇ ਖਰੜੇ ਦੇ ਅਖੀਰ ਤੇ ਦਰਜ ਹੈ: ਸਮੰਤੁ॥ 1715॥ਮਾਘ ਸੁਦੀ॥6 ਪੋਥੀ ਲਿਖੀ ਗੁਰ ਪ੍ਰਸਾਦਿ ਗੋਰਖ ਦਾਸ ਸੰਗਤ ਗੁਰੂ ਕਾ ਜਾਚਕ॥ ਵਾਹਗੁਰੂ ਸਤਿਗੁਰੂ ਜੀ॥ ਜੇ ਕਿਸੇ ਨੇ ਇਸ ਗੱਲ ਦੀ ਪੁਸ਼ਟੀ ਕਰਨੀ ਹੋਵੇ ਤਾਂ ਸੈਂਟਰਲ ਸਟੇਟ ਲਾਇਬਰੇਰੀ ਪਟਿਆਲਾ ਵਿਚ, ਜਨਮ ਸਾਖੀ ਭਾਈ ਬਾਲਾ, ਪਟਿਆਲਾ 1987, ਪੰਨੇ 151 ਤੇ 463। ਅਤੇ; ਹਾਸਲ ਬਹੁਤ ਖਰਚ ਕਛੁ ਨਾਹੀ ਕਰੇ ਤਗੀਰ ਨ ਕੋਈ॥ ਨਾਨਕ ਐਸੀ ਉਮਦੀ ਖਿਜਮਤਿ ਬਿਨਾ ਭਾਗ ਕਿਉਂ ਹੋਈ॥4॥ ਓਹੀ ਪੰਨਾ 463॥ ਕਰ ਸਕਦਾ ਹੈ। ਸਭ ਤੋਂ ਪਹਿਲਾਂ ਇਹ ਦੇਖੀਏ ਕਿ ਅਵਤਾਰ ਧਾਰਣਾ ਦਾ ਕੀ ਮਤਲਬ ਹੈ। ਕਿਉਂਕਿ ਜੇਕਰ ਇਹ ਲਿਖ ਦਿੱਤਾ ਜਾਵੇ ਕਿ ਬਾਬਾ ਜੀ ਦਾ ਜਨਮ ਦਿਨ ਵੈਸਾਖ ਦਾ ਹੈ, ਤਾਂ ਕਈ ਮੂੜ੍ਹ ਮੱਤੀਏ ਗਲ ਨੂੰ ਆਉਂਦੇ ਹਨ। ਮਹਾਨ ਕੋਸ਼ ਦੇ ਪੰਨਾ 88 ਮੁਤਾਬਕ: ਅਵਤਾਰ ਧਾਰਣਾ ਦੇ ਕਈ ਸਾਰੇ ਮਤਲਬ ਹਨ। ਸੰਗਯਾ- ਜਨਮ, ਜਨਮ ਗ੍ਰਿਹਣ, ਜਨਮ ਧਾਰਣਾ, ਉਤਰਨਾ, ਹੇਠ ਆਉਣ ਦੀ ਕ੍ਰਿਆ, ਪੁਰਾਣਮੱਤ ਅਨੁਸਾਰ ਕਿਸੇ ਦੇਵਤਾ ਦਾ ਕਿਸੇ ਦੇਹ ਵਿਚ ਪ੍ਰਗਟ ਹੋਣਾ, ਚੌਬੀਸ ਅਵਤਾਰ ਅਤੇ ਦਸ ਅਵਤਾਰ, "ਅਵਤਾਰ ਨ ਜਾਨਹਿ ਅੰਤ॥ ਪਰਮੇਸਰ ਪਾਰਬ੍ਰਹਮ ਬੇਅੰਤ॥ ਗੁਰਬਾਣੀ ਦੇ ਕਰਤਿਆਂ ਨੇ ਆਪਣੀ ਬਾਣੀ ਵਿਚ ਦੇਵਤਾ-ਵਾਦ ਦਾ ਖੰਡਨ ਕੀਤਾ ਪਰ ਅਸੀਂ ਤਾਂ ਗੁਰੂਆਂ ਨੂੰ ਵੀ ਦੇਵਤੇ ਬਣਾ ਕੇ ਹੀ ਛੱਡਣਾ ਹੈ। ਜੇਕਰ 'ਦੇਵਤਾ' ਦੇ ਜਨਮ ਨੂੰ ਅਵਤਾਰ ਧਾਰਣਾ ਪੁਰਾਣਾਂ ਮੁਤਾਬਕ ਠੀਕ ਹੈ ਤਾਂ ਸਾਨੂੰ ਇਹ ਬੋਲੀ ਬਦਲਣ ਦੀ ਲੋੜ ਹੈ। ਹੁਣ ਆਪਾਂ ਕਰਮ ਸਿੰਘ ਹਿਸਟੋਰੀਅਨ ਦੀ ਖੋਜ ਮੁਤਾਬਕ ਗੁਰੂ ਨਾਨਕ ਸਾਹਿਬ ਦੇ ਅਸਲੀ ਜਨਮ ਦਿਨ ਬਾਰੇ ਵਿਚਾਰ ਕਰਦੇ ਹਾਂ। ਗੁਰਪੁਰਬ ਨਿਰਣਯ ਦੇ ਪੰਨਾ 69 ਇਉਂ ਲਿਖਦੇ ਹਨ। (2) ਹੁਣ ਮੈਂ ਵਸਾਖ ਸੁਦੀ ਤਿੰਨ ਸੰਮਤ 1526 ਦੇ ਟਾਕਰੇ ਦੀਆਂ ਈਸਵੀ, ਪਰਵਿਸ਼ਟਾ ਅਤੇ ਹਿਜਰੀ ਤ੍ਰੀਕਾਂ ਲੱਭਦਾ ਹਾਂ: 14 ਮਾਰਚ ਮੰਗਲਵਾਰ ਨੂੰ ਚੇਤ ਸੁਦੀ ਪਹਿਲੀ ਹੈ: "ਗਿਣਤੀਆਂ ਮਿਣਤੀਆਂ ਨੂੰ ਇਸ ਕਰਕੇ ਲਿਖ ਨਹੀਂ ਰਿਹਾ ਕੇ ਲੇਖ ਕਾਫੀ ਲੰਬਾ ਹੋ ਜਾਏਗਾ ਅਤੇ ਮੇਰੇ ਵਰਗੇ ਸਧਾਰਣ ਮਨੁੱਖ ਦੀ ਸਮਝ ਤੋਂ ਵੀ ਪਰੇ ਦੀ ਗੱਲ ਹੈ"। ਅੱਗੇ ਲਿਖਦੇ ਹਨ : ਅਰਥਾਤ ਵਸਾਖ ਸੁਦੀ ਤਿੰਨ ਸੰਮਤ 1526 ਨੂੰ ਸ਼ਨਿਚਰਵਾਰ 15 ਅਪ੍ਰੈਲ ਸੰਨ 1469 ਈ: ਸੀ। 'ਕੱਤਕ ਕਿ ਵਿਸਾਖ' ਕਰਮ ਸਿੰਘ ਹਿਸਟੋਰੀਅਨ ਦੀ ਕਿਤਾਬ ਪਹਿਲੇ ਪਹਿਲ 1930 ਵਿਚ ਛਪੀ। ਭਾਈ ਵੀਰ ਸਿੰਘ ਨੇ ਸਟੇਜ ਤੋਂ ਇਹ ਐਲਾਨ ਕੀਤਾ, "ਕੱਤਕ ਕਿ ਵਿਸਾਖ ਸਿੱਖ ਕੌਮ ਲਈ ਅਤੀਅੰਤ ਕੀਮਤੀ ਸੌਗਾਤ ਹੈ" ਪਰ ਨਾਲ ਦੀ ਨਾਲ ਨਾਟਕੀ ਢੰਗ ਨਾਲ ਇਸ ਕਿਤਾਬ ਦੀ ਵਿਕਰੀ ਬੰਦ ਕਰਵਾ ਦਿੱਤੀ ਤੇ ਜੋ ਵੀ ਕਿਤਾਬ ਮਿਲੀ ਉਸ ਨੂੰ ਜ਼ਬਤ ਕਰ ਲਿਆ ਗਿਆ।

ਧੰਨਵਾਦੀ ਹਾਂ ਹੀਰਾ ਸਿੰਘ ਦਰਦ ਜੀ ਦੇ ਜਿਸ ਨੇ ਸਿਰਦਾਰ ਗੁਰਬਖਸ਼ ਸਿੰਘ ਬਾਗਬਾਨਪੁਰਾ ਦੀ ਲਾਇਬਰੇਰੀ ਵਿਚੋਂ ਇਕ ਕਾਪੀ ਪ੍ਰਾਪਤ ਕਰਕੇ 1932 ਵਿਚ ਇਸੇ ਕਿਤਾਬ ਨੂੰ ਮੁੜ ਤੋਂ ਪ੍ਰਕਾਸ਼ਤ ਕਰਕੇ ਸਿੱਖ ਕੌਮ ਨੂੰ ਵੱਡਮੁੱਲੀ 'ਸੌਗਾਤ' ਪ੍ਰਾਪਤ ਕਰਵਾਈ। ਇਸ ਕਿਤਾਬ ਦੇ ਪੰਨਾ 122 ਤੇ ਕਰਮ ਸਿੰਘ ਹਿਸਟੋਰੀਅਨ ਜੀ ਲਿਖਦੇ ਹਨ ਕਿ "ਕੱਤਕ ਦਾ ਰਿਵਾਜ (ਮੈਕਾਲਿਫ ਸਾਹਿਬ ਦੇ ਕਥਨ ਅਨੁਸਾਰ) ਗਿਆਨੀ ਸੰਤ ਸਿੰਘ ਜੀ ਨੇ ਪਾਇਆ। ਮਿਸਟਰ ਮੈਕਾਲਿਫ ਕਾਰਨ ਦੱਸਦੇ ਹਨ ਕਿ ਕੱਤਕ ਪੂਰਨਮਾਸ਼ੀ ਨੂੰ ਰਾਮ ਤੀਰਥ ਦਾ ਮੇਲਾ ਹੋਣ ਕਰਕੇ ਸਾਰੇ ਸਿੱਖ ਉਧਰ ਚਲੇ ਜਾਂਦੇ ਸਨ। ਸੋ ਉਧਰੋਂ ਹਟਾਉਣ ਵਾਸਤੇ ਗਿਆਨੀ ਜੀ ਨੇ ਕੱਤਕ ਪੂਰਨਮਾਸ਼ੀ ਨੂੰ ਆਦਿ ਸਤਿਗੁਰੂ ਜੀ ਦੇ ਪ੍ਰਗਟ ਹੋਣ ਦਾ ਗੁਰਪੁਰਬ ਮਨਾਉਣਾ ਅਰੰਭ ਦਿੱਤਾ। ਬੱਸ ਫੇਰ ਕੀ ਸੀ, ਓਦੋਂ ਤਾਂ ਰਾਜ ਦੇ ਜ਼ੋਰ ਇਹ ਰਿਵਾਜ ਪਾ ਲਿਆ ਪਰ ਅੱਜ ਇਹ ਪੁਰਾਣਾ ਨਜ਼ਰ ਆ ਰਿਹਾ ਹੈ। 1925 ਦੀ ਹੀ ਗੱਲ ਹੈ ਕਿ ਸ੍ਰੀ ਨਨਕਾਣਾ ਸਾਹਿਬ ਕੱਤਕ ਪੂਰਨਮਾਸ਼ੀ ਨੂੰ ਗੁਰਪੁਰਬ ਮਨਾਉਣਾ ਅਰੰਭ ਹੋਇਆ, ਉਸ ਤੋਂ ਪਹਿਲਾਂ ਇਸਦਿਨ ਨੂੰ ਉਥੇ ਕੋਈ ਜਾਂਦਾ ਵੀ ਨਹੀਂ ਸੀ। ਸੱਠ ਕੁ ਵਰ੍ਹੇ ਏਸੇ ਤਰ੍ਹਾਂ ਹੋਰ ਲੰਘ ਗਏ ਤਾਂ ਲੋਕੀਂ ਆਖਣ ਲੱਗ ਪੈਣਗੇ ਜੋ ਇਹ ਗੁਰਪੁਰਬ ਮੁੱਢ ਤੋਂ ਹੀ ਕੱਤਕ ਪੂਰਨਮਾਸ਼ੀ ਨੂੰ ਨਨਕਾਣੇ ਸਾਹਿਬ ਮਨਾਇਆ ਜਾਂਦਾ ਰਿਹਾ ਹੈ, ਜਿਸ ਤਰ੍ਹਾਂ ਅੱਜ ਕੱਲ੍ਹ ਗਿਆਨੀ ਸੰਤ ਸਿੰਘ ਜੀ ਦੇ ਚਲਾਏ ਹੋਏ ਗੁਰਪੁਰਬ ਨੂੰ ਸਭ ਪੁਰ-ਾਤਨ ਹੀ ਮੰਨ ਰਹੇ ਹਨ। ਮੇਰਾ ਆਪਣਾ ਵਿਚਾਰ ਹੈ ਕਿ 'ਦਰਬਾਰ ਸਾਹਿਬ' ਦਾ ਮੁੱਖ ਗ੍ਰੰਥੀ ਭਾਈ ਸੂਰਤ ਸਿੰਘ, ਜੋ 'ਸਿੱਖਾਂ ਦੀ ਭਗਤਮਾਲਾ' ਦਾ ਕਰਤਾ ਹੈ 'ਤੇ ਇਸ ਕਿਤਾਬ ਨੂੰ ਭਾਈ ਮਨੀ ਸਿੰਘ ਜੀ ਦੀ ਕ੍ਰਿਤ ਦੱਸਦਾ ਹੈ, ਦਾ ਪੁੱਤਰ ਗਿਆਨੀ ਸੰਤ ਸਿੰਘ ਹੈ ਜੋ ਨਿਰਮਲੇ ਸੰਪ੍ਰਦਾਇ ਨਾਲ ਸੰਬੰਧ ਰੱਖਦੇ ਸਨ 'ਤੇ ਵੀ ਅਸਰ 'ਬਾਲਾ ਬਲੱਫ' ਦਾ ਹੋਇਆ। ਜੰਡਿਆਲਾ ਗੁਰੂ ਕਿਆਂ ਵਾਲਿਆਂ ਨੇ 'ਬਾਲਾ ਬਲੱਫ' ਨੂੰ ਆਪਣੇ ਸਰਕਾਰੀ ਅਸਰ ਰਸੂਖ ਤੇ ਪੈਸੇ ਦੇ ਜ਼ੋਰ ਨਾਲ ਹਰ ਥਾਂ ਲਾਗੂ ਕਰਵਾਇਆ। ਜਨਮ ਸਾਖੀ ਬਾਲਾ ਨੂੰ ਛੱਡ ਕੇ ਹੋਰ ਕਿਸੇ ਵੀ ਜਨਮ ਸਾਖੀ ਵਿਚ 'ਕੱਤਕ ਦੀ ਪੂਰਨਮਾਸ਼ੀ' ਨੂੰ ਬਾਬੇ ਦਾ ਅਵਤਾਰ ਪੂਰਬ ਨਹੀਂ ਸਗੋਂ ਵਿਸਾਖ ਸੁਦੀ ਤੀਜ ਲਿਖਿਆ ਮਿਲਦਾ ਹੈ। ਬੀ-40 ਜਨਮ ਸਾਖੀ: ਦਾ ਹੱਥ ਲਿਖਤ ਖਰੜਾ ਜੋ ਪਹਿਲਾਂ ਇੰਡੀਆ ਆਫਿਸ ਲਾਇਬਰੇਰੀ, (ਹੁਣ ਫਾਰਨ ਐਂਡ ਕਾਮਨਵੈਲਥ ਆਫਿਸ) ਲੰਡਨ ਵਿਚ ਸੁਰੱਖਿਅਤ ਹੈ ਭਾਈ ਬਾਲੇ ਦਾ ਨਾਮ ਨਿਸ਼ਾਨ ਹੀ ਨਹੀਂ ਅਤੇ ਗੁਰੂ ਨਾਨਕ ਪਾਤਸ਼ਾਹ ਦਾ ਜਨਮ ਦਿਵਸ ਵਿਸਾਖ ਸੁਦੀ ਤੀਜ ਲਿਖਿਆ ਮਿਲਦਾ ਹੈ। ਇਸੇ ਦੀ ਕਾਪੀ ਜਦੋਂ ਭਾਈ ਵੀਰ ਸਿੰਘ ਨੂੰ ਪ੍ਰਾਪਤ ਹੋਈ ਤਾਂ ਉਸ ਨੇ ਇਸ ਨੂੰ 'ਪੁਰਾਤਨ ਜਨਮ ਸਾਖੀ' ਦਾ ਨਾਮ ਦਿੱਤਾ, ਹਾਫਜ਼ਾਬਾਦ ਵਾਲੀ ਜਨਮ ਸਾਖੀ, ਮਿਹਰਬਾਨ ਨੇ ਆਪਣੇ ਹੱਥੀਂ 'ਪੋਥੀ ਸੱਚੁ ਖੰਡ' 1619 ਈ: ਦੇ ਨੇੜੇ ਤੇੜੇ ਮੁਕੰਮਲ ਕਰਵਾਈ ਜੋ ਗੁਰੂ ਅਰਜਨ ਪਾਤਸ਼ਾਹ ਦਾ ਪਿਆਰਾ ਭਤੀਜਾ ਅਤੇ ਗੁਰੂ ਰਾਮਦਾਸ ਦਾ ਹੋਣਹਾਰ ਪੋਤਰਾ ਸੀ, ਨੇ ਵੀ ਜਨਮ ਅਸਥਾਨ ਦੇ ਵੇਰਵੇ ਸਮੇਤ ਜਨਮ ਦਿਵਸ ਵੈਸਾਖ ਸੁਦੀ 3 ਲਿਖਿਆ ਹੈ। ਇਕ ਹੋਰ ਮਹੱਤਵ ਪੂਰਣ 'ਜਨਮ ਪਤ੍ਰੀ ਬਾਬੇ ਜੀ ਕੀ' ਜਿਸਦਾ ਲੇਖਕ ਹੈ ਭਾਈ

ਬੂਲਾ ਪਾਧਾ, ਗੁਰੂ ਅਮਰਦਾਸ ਦਾ ਸਿੱਖ ਤੇ ਭਾਈ ਗੁਰਦਾਸ ਦਾ ਨਿਕਟਵਰਤੀ, ਡੱਲੇ ਨਗਰ ਦਾ ਨਿਵਾਸੀ ਜਿਸਨੇ 'ਸਾਖੀ ਮਹਲੁ ਪਹਿਲੇ ਕੀ' ਦੀ ਰਹਿੰਦੀ ਖੂੰਹਦੀ ਘਾਟ ਨੂੰ ਪੂਰਾ ਕੀਤਾ, ਇਸ ਲਿਖਤ ਵਿਚ ਵੀ ਜਨਮ ਦਿਵਸ ਵੈਸਾਖ ਸੁਦੀ 3 ਦਰਜ ਹੈ ਜੋ 1598-99 ਈ: ਵਿਚ ਮੁਕੰਮਲ ਕੀਤੀ। ਮੁਜੰਗਾਂ, ਲਾਹੌਰ ਨਿਵਾਸੀ ਸੈਦੋ ਜੱਟ ਜੋ ਪਿਸ਼ਾਵਰ ਦੇ ਇਲਾਕੇ ਵਿਚ ਪ੍ਰਚਾਰਕ ਸੀ, ਨੇ 1657-58 ਵਿਚ ਇਕ ਜਨਮ ਸਾਖੀ ਦਾ ਨਿਰਮਾਣ ਕੀਤਾ ਜਿਸ ਨੂੰ 'ਪੁਰਾਤਨ' ਦੇ ਨਾਮ ਨਾਲ ਜਾਣਿਆ ਜਾਂਦਾ ਹੈ। ਅਸਲੀਅਤ ਤੋਂ ਵਾਕਫ ਸੈਦੋ ਨੇ ਬਾਲੇ ਵਾਲੀ ਮਿਤੀ ਰੱਦ ਕਰਕੇ ਸੀਹੋਂ ਦੀ 'ਸਾਖੀ ਮਹਲੁ ਪਹਿਲੇ ਕੀ' ਵਾਲੀ ਪਰਮਾਣਕ ਮਿਤੀ ਨੂੰ ਅਧਾਰ ਬਣਾ ਕੇ ਆਪਣੀ ਲਾਜਵਾਬ ਸਾਖੀ ਦੀ ਸਿਰਜਣਾ ਕੀਤੀ। ਗੁਰੂ ਅਮਰਦਾਸ ਦੇ ਬੰਸਜ ਸਰੂਪ ਦਾਸ ਭੱਲਾ ਨੇ 1776 ਈ: ਵਿਚ ਮਹਿਮਾ ਪ੍ਰਕਾਸ਼ ਕਵਿਤਾ ਅਤੇ ਇਸੇ ਖਾਨਦਾਨ ਦੇ ਕਿਸੇ ਅਗਿਆਤ ਵਿਅਕਤੀ ਨੇ 19ਵੀਂ ਸਦੀ ਦੇ ਦੂਜੇ ਅੱਧ ਵਿਚ ਮਹਿਮਾ ਪ੍ਰਕਾਸ਼ ਵਾਰਤਕ ਨਾਮ ਦੀਆਂ ਰਚਨਾਵਾਂ ਵਿਚ ਜਨਮ ਦਿਵਸ ਵੈਸਾਖ ਸੁਦੀ 3 ਦਾ ਹੀ ਦਿੱਤਾ ਹੈ, ਕਿਉਂਕਿ ਇਹ ਗੁਰੂ ਕੀ ਲਹਿਰ ਦਾ ਪਰੰਪ੍ਰਾਗਤ ਅਸਰ ਸੀ। ਡੀ.ਏ.ਵੀ ਕਾਲਜ ਦਾ ਖਰੜਾ 2000 ਮਸਲਨ ਇਹ ਸਾਰੀਆਂ ਲਿਖਤਾਂ ਗੁਰੂ ਬਾਬਾ ਜੀ ਦਾ ਜਨਮ ਦਿਵਸ ਵਿਸਾਖ ਦਾ ਹੀ ਮੰਨਦੀਆਂ ਹਨ। ਜਨਮ ਪੱਤ੍ਰੀ ਦੀ ਪਹਿਲੀ ਪਰਤ, ਜੋ ਗੁਰੂ ਕੇ ਜੰਡਿਆਲੇ ਵਾਲੇ ਹੰਦਾਲਕਿਆਂ ਨੇ 1656-57 ਈ. ਦੇ ਲਾਗੇ ਚਾਗੇ ਤਿਆਰ ਕਰਵਾਈ ਕੁੱਝ ਇਸ ਤਰ੍ਹਾਂ ਸ਼ੁਰੂ ਹੁੰਦੀ ਹੈ: "ਜਨਮ ਪਤ੍ਰੀ ਨਾਨਕ ਵੇਦੀ ਦੀ॥ ਸੰਮਤ 1626॥ ਮਿਤੀ ਕਤਕ ਸੁਦੀ ਪੂਰਨਮਾਸੀ॥ ਨਾਨਕ ਜਨਮ ਲੀਤਾ॥ ਅਧੀ ਰਾਤ ਘੜੀ ਉਪਰਿ ਕਾਲੂ ਵੇਦੀ ਦੇ ਘਰਿ॥ ਕਾਲੂ ਦਾ ਪਰੋ-ਹਤ ਹਰਿਦਿਆਲ ਬ੍ਰਹਮਣੁ ਆਹਾ॥ ਅਤੇ ਨਾਲੇ ਗੁਰਦੇਵ ਆਹਾ॥ ਵਡੀ ਵੇਲਾ ਕਾਲੂ ਹਰਿਦਿਆਲ ਦੇ ਘਰਿ ਗਇਆ॥...... ....॥ ਤਾ ਬਾਲੇ ਵਿਦਾ ਲੀਤੀ ਤਲਵੰਡੀ ਗਇਆ॥ ਇਸ ਤੋਂ ਅੱਗੇ ਬਾਲਾ ਰੂਪਾਂਤਰ ਇਕ ਜਨਮ ਸਾਖੀ ਤਿਆਰ ਕੀਤੀ ਗਈ। ਫਿਰ ਇਸ ਵਿਚ ਗੁਰੂ ਨਾਨਕ ਪਿਤਾ ਦੇ ਚਾਲ-ਚੱਲਣ/ਚਰਿਤ੍ਰ ਨੂੰ ਘਾਤ ਕਰਨ ਲਈ ਰੰਘੜੀ ਵਾਲੀ ਸਾਖੀ ਅਤੇ ਇਸੇ ਤਰ੍ਹਾਂ ਗੁਰੂ ਅੰਗਦ ਪਾਤਸ਼ਾਹ ਨੂੰ ਇਹ ਕਹਿਣਾ ਕਿ ਰਾਤੀ ਆਪਣੀ ਲੜਕੀ ਨੂੰ ਬਣਾਏ ਕੇ ਲਈ ਆਵਣਾ(ਸਹਿਜ-ਕੁਸਹਿਜ ਵਾਲੀ ਸਾਖੀ) ਅਤੇ ਹੋਰ ਬਹੁਤ ਕੁੱਝ ਘੜ-ਘੜਾ ਕੇ ਬਾਲਾ ਰੂਪਾਂਤਰ 2 ਤਿਆਰ ਕਰਕੇ 28- 28 ਸੁਚਿਤਰਾਂ ਨਾਲ ਸ਼ੰਗਾਰ ਕੇ, ਕਈ ਦਹਾਕਿਆਂ ਬੱਧੀ ਇਹ ਕੰਮ ਚੱਲਦਾ ਰਿਹਾ, ਸਾਰੇ ਪਰਮੁੱਖ ਸਿੱਖ ਧਾਰਮਿਕ ਅਸਥਾਨਾਂ ਤੇ ਪਹੁੰਚਾਈ ਗਈ। ਬਾਲਾ ਰੂਪਾਂਤਰ 2 ਦੇ ਹੱਥ ਲਿਖਤ ਖਰੜੇ ਵਿਚ ਇਹ ਲਿਖ ਦਿੱਤਾ ਕਿ ਇਹ ਜਨਮ ਸਾਖੀ 1582 ਸੰਮਤ ਵਿਚ ਗੁਰੂ ਅੰਗਦ ਦੀ ਹਜ਼ੂਰੀ ਵਿਚ ਭਾਈ ਬਾਲੇ ਨੇ ਪੈੜੇ ਮੋਖੇ ਕੋਲੋਂ ਲਿਖਵਾਈ।

ਜਦੋਂ ਕਿ ਸੱਚ ਇਹ ਹੈ ਕਿ ਸੰਮਤ 1582/1525 ਈ. ਵਿਚ ਤਾਂ ਭਾਈ ਲਹਿਣਾ ਜੀ ਗੁਰੂ ਨਾਨਕ ਪਿਤਾ ਜੀ ਨੂੰ ਮਿਲੇ ਵੀ ਨਹੀਂ ਸਨ। ਪਿਆਰੇ ਲਾਲ ਬੇਦੀ, ਐਫ-17, ਜੰਗਪੁਰਾ ਭੋਗਲ, ਨਵੀ ਦਿਲੀ, ਨੂੰ ਪੁੱਜਿਆ ਸੰਮਤ 1770 (1713ਈ.) ਵਾਲਾ ਖਰੜਾ ਆਪ ਉਚੀ ਉਚੀ ਬੋਲ ਕੇ ਖੁਲਾਸਾ ਕਰਦਾ ਹੈ: "ਜਨਮ ਪਤ੍ਰੀ ਬਾਬੇ ਨਾਨਕ ਕੀ ਸੰਪੂਰਨ ਹੋਈ॥ ਵੀਰਵਾਰ ਪਹਿਰ ਦਿਨ ਚੜੇ॥ ਸੰਮਤ 1770 ਦੇ ਬੀਤੇ ਹੋਇ ਮੁਕੀ। ਲਿਖਵਾਈ ਸੰਗਤ ਸਿੰਘ ਸੂਦ॥ ਲਿਖੀ ਆਤਮਾ ਸਿੰਘ ਸੂਦ॥ ਕੀਰਤਨਏ॥ ਵਿਚ ਰੜੇ ਲਹੌਰ ਦੇ ਅਗੇ ਲਾਗਤ ਪੋਥੀ ਲਿਖੀ 330 ਰੁਪਏ॥ ਜੋ ਅੱਜ ਦੀ ਕੀਮਤ ਅਨੁਸਾਰ ਤਿੰਨ ਲੱਖ ਤੀਹ ਹਜ਼ਾਰ ਰੁਪੈ ਬਣਦੀ ਹੈ। ਹੰਦਾਲਕਿਆਂ ਨੇ ਵੱਡੇ ਤਰੱਦਦ ਨਾਲ ਇਸ ਨੂੰ ਸਿੱਖ ਚਿੰਤਨ ਤੇ ਚੇਤਨਾ ਨੂੰ ਸੁੰਨ ਕਰਨਹਾਰੇ ਜ਼ਹਿਰ ਦੇ ਟੀਕੇ ਵਾਂਗ ਵਰਤਿਆ; ਸਦੀਆਂ ਲੰਘ ਗਈਆਂ; ਮੂਰਛਾ ਦੀ ਸ਼ਿਕਾਰ ਹੋਈ ਸਿੱਖ ਚੇਤਨਾ ਅਜੇ ਅੱਖ ਪੱਟ ਕੇ ਝਾਕਣ ਦਾ ਹੀਆ ਨਹੀਂ ਕਰ ਸਕੀ; ਪਰ ਇਹ ਮਰੀ ਨਹੀਂ, ਜਾਗੇਗੀ ਕਿਉਂਕਿ ਜਿਉਣ ਦਾ ਹੱਠ ਇਸ ਦਾ ਵਿਸ਼ੇਸ਼ ਖਾਸਾ ਹੈ। "ਸਾਖੀ ਪਰੰਪਰਾ ਵਿਚੋਂ ਕੇਵਲ ਜਨਮ ਸਾਖੀ ਬਾਲਾ ਹੀ ਸਾਨੂੰ ਗੁਰੂ ਨਾਨਕ ਪਿਤਾ ਦਾ ਜਨਮ ਕੱਤਕ ਦੀ ਪੂਰਨਮਾਸ਼ੀ ਦਾ ਦੱਸਦੀ ਹੈ ਅਤੇ ਸਾਨੂੰ ਇਸ ਅਣਹੋਏ ਸੱਚ ਨੂੰ ਸਵੀਕਾਰ ਕਰਨ ਨੂੰ ਮਜਬੂਰ ਕਰਦੀ ਹੈ। ਇਸ ਧਰਮ ਸੰਕਟ ਦਾ ਹੱਲ, ਪੂਰਨਮਾਸ਼ੀ ਵਾਲੀ ਮਿਤੀ ਨੂੰ ਕਿਸੇ ਇਕ, ਪਿਉ ਜਾਂ ਪੁੱਤਰ ਨਾਲ ਜੋੜ ਕੇ ਹੀ ਸੰਭਵ ਹੋ ਸਕਦਾ ਹੈ, ਦੋਵਾਂ ਨਾਲ ਨਹੀਂ। ਕੱਤਕ ਦੀ ਪੂਰਨਮਾਸ਼ੀ ਨੂੰ ਸ੍ਰੀ ਚੰਦ ਦੀ ਜਨਮ ਮਿਤੀ ਮੰਨਣ ਲਈ ਸਾਡੇ ਕੋਲ ਬਹੁਤ ਹੀ ਪਰਮਾਣਕ ਸਬੂਤ ਹਨ ਜੋ ਭਰੋਸੇਯੋਗ ਸਰੋਤ ਤੋਂ ਆਏ ਹੋਣ ਕਰਕੇ ਅਕੱਟ ਹਨ। ਗੁਰੂ ਨਾਨਕ ਦੇ ਬੰਸ, ਦਸਵੀਂ ਪੀੜ੍ਹੀ, ਬਾਬਾ ਸੁਖਬਾਸੀ ਨੇ ਆਪਣੇ ਖਾਨਦਾਨ ਸੰਬੰਧੀ ਇਕ ਗਰੰਥ 'ਨਾਨਕ ਬੰਸ ਪ੍ਰਕਾਸ਼' ਸੰਮਤ 1872 (1815 ਈ:) ਵਿਚ ਰਚਨਾ ਕੀਤੀ।

ਜਿਸ ਵਿਚ ਸਪੱਸ਼ਟ ਲਿਖਿਆ ਹੈ: ਸੁਭ ਨਖਯਤ੍ਰ ਸੁਭ ਲਗਨ ਬਰ ਕਾਤਕ ਮਾਸ ਪੁਨੀਤ॥ ਸ੍ਰੀ ਚੰਦ ਸਤਿਗੁਰ ਪ੍ਰਗਟੇ ਅਦਭੁਤ ਨਿਰਮਲ ਚੀਤ॥ ਮਤਲਬ ਸ੍ਰੀ ਚੰਦ ਕਤਕ ਦੇ ਮਹੀਨੇ ਪੂਰਨਮਾਸ਼ੀ ਨੂੰ ਪੈਦਾ ਹੋਇਆ। ਇਸੇ ਗਰੰਥ ਵਿਚ ਗੁਰੂ ਨਾਨਕ ਦਾ ਜਨਮ ਵਿਸਾਖ ਸੁਦੀ 3 ਦਾ ਦੱਸਿਆ ਹੈ: ਸੰਬਤ ਬਿਕ੍ਰਮ ਨ੍ਰਿਪਤ ਕੇ ਪੰਦ੍ਰਹ ਸਤਿ ਖਟਿ ਬੀਸ॥ ਅਖਯ-(ਸੁਦੀ) ਤੀਜ ਤਿਥਿ ਮਾਸ ਬਰ ਮਾਧਵਿ(ਵੈਸਾਖ) ਪ੍ਰਗਟੇ ਈਸ॥ ਬਾਬਾ ਸੁਖਬੰਸੀ ਭਾਈ ਬਾਲੇ ਵਾਲੀ ਜਨਮ ਸਾਖੀ ਦਾ ਸ਼ਿਕਾਰ ਹੋਣ ਦੇ ਬਾਵਜੂਦ ਵੀ ਕੱਤਕ ਦੀ ਪੂਰਨਮਾਸ਼ੀ ਦੀ ਤਰੀਕ ਨੂੰ ਕੱਟ ਕੇ ਅਸਲੀ ਜਨਮ ਤਰੀਖ ਦੇਣ ਵਿਚ ਗੁਰੇਜ਼ ਨਹੀਂ ਕਰਦਾ"। ਇਹ ਸਾਰੀ ਸੂਚਨਾ 'ਸਾਖੀ ਮਹਿਲ ਪਹਿਲੇ ਕੀ ਸਾਖੀਕਾਰ ਸੀਹਾਂ ਉਪਲ ਸੰਪਾਦਕ ਸ. ਸ. ਪਦਮ' ਦੀ ਕਿਤਾਬ ਦੇ ਪੰਨਾ 102-103 ਤੇ ਦਰਜ ਹੈ।

ਜਦੋਂ ਇਹ ਸਾਰਾ ਕੁੱਝ ਵਾਪਰ ਰਿਹਾ ਸੀ ਤਾਂ ਵਿਸਨ ਸਿੰਘ ਨਾਂ ਦਾ ਇਕ ਪਰਬੁੱਧ ਇਨਸਾਨ ਵੀ ਕਾਰਜਸ਼ੀਲ ਸੀ, ਜਿਸ ਨੇ 1828 ਈ. ਵਿਚ 'ਗਿਆਨ ਰਤਨਾਵਲੀ' ਕ੍ਰਿਤ ਸੂਰਤ ਸਿੰਘ ਨੂੰ ਅਨਕੂਲ ਕੇ ਆਪਣੇ 'ਗਿਆਨ ਰਤਨ-ਾਗਰ ਕਾਵਿ ਗਰੰਥ' ਦੀ ਰਚਨਾ ਕੀਤੀ। ਇਹ ਗਿਆਨੀ ਸੰਤ ਸਿੰਘ ਦਾ ਚੇਲਾ ਤੇ 'ਗੁਰਪ੍ਰਤਾਪ ਸੂਰਜ ਗ੍ਰੰਥ' ਵਾਲੇ ਰਾਜਕਵੀ ਸੰਤੋਖ ਸਿੰਘ ਦਾ ਗੁਰਭਾਈ ਸੀ, ਪਰ ਆਪਣੇ ਆਪ ਨੂੰ ਸੂਰਤ ਸਿੰਘ ਦਾ ਪੋਤਰਾ ਚੇਲਾ ਦੱਸਣ ਵਿਚ ਵਧੇਰੇ ਮਾਣ ਮਹਿਸੂਸ ਕਰਦਾ ਸੀ। ਉਸ ਦੀ ਵੀ ਸੁਣੋ, ਸੰਤੋਖ ਸਿੰਘ ਅਤੇ ਉਸ ਦੇ ਪੁਰਾਣੇ ਜਾਂ ਅਧੁਨਿਕ ਪਾਛੂਆਂ ਨੇ ਭਾਵੇਂ ਨਹੀਂ ਸੁਣੀ: "ਜਬ ਹੰਦਾਲ ਸੁਰ ਲੋਕ ਪਧਾਰਾ। ਬਿਧੀ ਚੰਦ ਸੁਤ ਸਕਤੀਵਾਰਾ। ਲਈ ਮਹੰਤੀ ਸਿਖ ਬਨਾਏ। ਤੁਰਕਨ ਕੀ ਗਨਕਾ ਇਕ ਗਾਇ। ਸੋ ਆਪਣੇ ਗ੍ਰਹ ਆਨ ਵਸਾਈ। ਤਬ ਵਰਤਨ ਤਜ ਦੀਨ ਲੁਕਾਈ। ਬਿਧੀ ਚੰਦ ਮਵੇਤ ਪ੍ਰਸੰਗਾ। ਲਿਖੇ ਗੁਰ ਧਾਰੀ ਹਿਤ ਸੰਗਾ। ਆਗੇ ਗੁਰ ਕੀ ਸਾਖੀ ਨਾਹੀ। ਰਚੀ ਨਿੰਦਾ ਬਿਧ ਬਹੁਤ ਬਨਾਈ। ਬਾਲੇ ਅੰਗਦ ਕੋ ਧਰ ਨਾਮਾ। ਪ੍ਰਥਮੇ ਹੀ ਝੂਠਾ ਕੀਓ ਕਾਮਾ। ਪੰਦ੍ਰਹ ਸਹਸ ਪਚਾਸੀ ਮਾਹੀ। ਪੰਚਮ ਥਿਤ ਬੈਸਾਖ ਕੀ ਆਹੀ। ਪੈੜੇ ਮੋਖੇ ਲਿਖੀ ਬਨਾਈ। ਗੁਰ ਅੰਗਦ ਗੁਰ ਮਿਲੇ ਨ ਭਾਈ"। ਜੋ ਕੂੜ ਰਾਜਕਵੀ ਸੰਤੋਖ ਸਿੰਘ ਨੇ ਆਪਣੇ 'ਗੁਰ ਪ੍ਰਤਾਪ ਸੂਰਜ ਗ੍ਰੰਥ' ਵਿਚ 'ਬਾਲਾ ਬਲੱਫ' ਤੋਂ ਪ੍ਰਭਾਵਤ ਹੋ ਕੇ ਵਾੜਿਆ ਜਾਂ ਵਾੜਿਆ ਗਿਆ ਉਸ ਦਾ ਅਤੇ ਭਾਈ ਬਿਧੀ ਚੰਦ ਵਲੋਂ ਆਪਣੀ ਬੁਰਿਆਈ ਨੂੰ ਛੁਪਾਉਣ ਲਈ ਜੋ ਗੁਰੂ ਨਾਨਕ ਸਾਹਿਬ ਦਾ ਚ੍ਰਿਤਰ-ਘਾਤ ਕੀਤਾ ਗਿਆ ਹੈ ਉਸ ਨੂੰ ਭਾਈ ਵਿਸਨ ਸਿੰਘ ਨੇ ਆਪਣੀ ਉਪਰਲੀ ਕਵਿਤਾ ਵਿਚ ਨੰਗਾ ਕੀਤਾ ਹੈ। ਹੁਣ ਫੈਸਲਾ ਸਿੱਖ ਕੌਮ ਨੇ ਕਰਨਾ ਹੈ ਕਿ ਉਹ ਗੁਰੂ ਦਾ ਗੁਰਪੁਰਬ ਅਸਲੀ ਤਰੀਕ, ਵੈਸਾਖ ਸੁਦੀ ਤੀਜ, ਨੂੰ ਮਨਾਉਣਾ ਚਾਹੁੰਦੀ ਹੈ ਜਾਂ ਫਿਰ 'ਬਾਲਾ ਬਲੱਫ' ਦੀ ਵਰਤਾਈ ਹੋਈ ਨਕਲੀ ਤਰੀਕ, "ਕੱਤਕ ਦੀ ਪੂਰਨਮਾਸੀ" ਨੂੰ ਹੀ ਕੜ੍ਹੀ ਘੋਲਣਾ ਚਾਹੁੰਦੀ ਹੈ।

*-ਗੁਰੂ ਦੇ ਪੰਥ ਦਾ ਦਾਸ*
*ਗੁਰਚਰਨ ਸਿੰਘ ਜਿਉਣ ਵਾਲਾ*
*+1 647 966 1332*


ਕੈਨੇਡੀਅਨ ਪੰਜਾਬੀ ਪੋਸਟ

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202



Matrimonial
ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ ਕਾਲ ਕਰੋ: 905-793-2202


## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਸਰਾ ਪਰਿਵਾਰ ਦਾ ਲੜਕਾ, ਉਮਰ 33 ਸਾਲ, ਕੱਦ 5 ਫੁੱਟ 10 ਇੰਚ, ਬੀਬੀਏ ਕੀਤੀ ਹੋਈ ਹੈ, ਵਰਤਮਾਨ ਵਿਚ ਭਾਰਤ ਵਿਚ ਬਿਜ਼ਨਸ ਕਰ ਰਿਹਾ ਹੈ ਤੇ ਭਵਿੱਖ ਵਿਚ ਕੈਨੇਡਾ ਵਿਚ ਟਰਾਂਸਪੋਰਟੇਸ਼ਨ ਦਾ ਬਿਜ਼ਨਸ ਖੋਲ੍ਹਣ ਜਾ ਰਿਹਾ ਹੈ, ਲਈ ਸੁੰਦਰ ਸੁਸ਼ੀਲ ਲੜਕੀ ਦੀ ਲੋੜ ਹੈ। ਸੰਪਰਕ: 437-332-8422, ਈ ਮੇਲ puneetasra17october@gmail.com

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com


## ਪਲਾਟ ਵਿਕਾਊ

ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਨਜ਼ਦੀਕ ਪਲਾਟ ਵਿਕਾਊ ਹੈ। GT Road ਤੋਂ ਸਿਰਫ 400 ਮੀਟਰ ਦੂਰੀ 'ਤੇ। ਸ੍ਰੀ ਗੁਰੂ ਤੇਗ ਬਹਾਦਰ ਨਗਰ ਵਿਚ 10 ਮਰਲੇ ਦਾ ਪਲਾਟ ਵਿਕਾਊ ਹੈ।। ਖੁੱਲ੍ਹੀਆਂ ਸੜਕਾਂ ਪਾਰਕ ਆਦਿ ਦੀ ਸਹੂਲਤ।

ਫੋਨ ਨੰਬਰ 917837596119
647-760-2769

## ਕੇਅਰ ਗਿਵਰ ਦੀ ਲੋੜ



ਬਜੁਰਗ ਔਰਤ ਨੂੰ ਸੰਭਾਲਣ ਲਈ ਕੇਅਰ ਗਿਵਰ ਦੀ ਲੋੜ ਹੈ। ਵਧੀਆ ਤਨਖਾਹ ਦਿੱਤੀ ਜਾਵੇਗੀ। **'PR'** ਲਈ ਮੱਦਦ ਕੀਤੀ ਜਾਵੇਗੀ। Location 'Winnipeg, MB' ਜ਼ਿਆਦਾ ਜਾਣਕਾਰੀ ਲਈ ਸੰਪਰਕ ਕਰੋ:

**204-333-9000, 416-818-3777**

## Visions of Punjab



VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com

Natasha Mahal
Co-Host



Iqbal Mahal
Producer & Host

Serving the South Asian Community Since 1976

## A-One Drivers TRAINING SCHOOL

G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ

ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ

ਫਰੀ ਪਿਕਅਪ

Best Rates For Lessons

- ਮੁਫਤ ਪਿਕਅਪ ਅਤੇ ਡਰਾਪ ਆਫ
- ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
- ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
- ਵਾਜਿਬ ਕੀਮਤ



ਲੇਡੀਜ਼ ਇਸਟ੍ਰਕਟਰ

647-998-7500 ਬਲਵਿੰਦਰ

## STARLANE PAINTING

Residential • Commercial • Industrial


- Hotel • Motel • Exterior
- Interior • Spray Painting
- Office Painting • Drywall Fixing

ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ

7 Days A Week

Call For FREE Estimate

ਹਰ ਤਰ੍ਹਾਂ ਦੀ ਵਧੀਆ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ



ਹਰਜੀਤ ਧਨੋਆ

416.230.4000 • 647.409.1092
www.STARLANEPAINTING.com

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

## We are looking for:

- General Labours
- Forklift Operators
- Window assemblers
- Production Line Workers
- Machine Operators
- AZ Driver, Shippers/Receivers Packagers




Only Full Time Position Available

**Must be eligible to work in Canada & communication in English**

**Please call us: 416-514-0733**

